SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 24* Issue 07 | Friday, 10 January 2025 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਅਮਰੀਕਾ ਦੇ ਰਾਜਦੂਤ ਗਾਰਸੈਟੀ ਨੇ ਕਿਹਾ, ਅੱਤਵਾਦ ਖਿਲਾਫ਼ ਲੜਾਈ 'ਚ ਭਾਰਤ ਤੇ ਅਮਰੀਕਾ ਇਕਜੁੱਟ

ਨਵੀਂ ਦਿੱਲੀ, 9 ਜਨਵਰੀ (ਪੋਸਟ ਬਿਊਰੋ): ਭਾਰਤ 'ਚ ਅਮਰੀਕਾ ਦੇ ਰਾਜਦੂਤ ਐਰਿਕ ਗਾਰਸੈਟੀ ਨੇ ਅੱਜ ਕਿਹਾ ਕਿ ਭਾਰਤ ਤੇ ਅਮਰੀਕਾ ਅਤਿਵਾਦ ਖਿਲਾਫ਼ ਲੜਾਈ 'ਚ ਇਕਜੁੱਟ ਹਨ। ਉਨ੍ਹਾਂ ਅਪਰਾਧੀਆਂ ਨੂੰ ਨਿਆਂ ਦੇ ਕਟਹਿੜੇ 'ਚ ਲਿਆਉਣ ਲਈ ਦੋਵਾਂ ਦੇਸ਼ਾਂ ਵਿਚਾਲੇ ਖੁਫੀਆ ਜਾਣਕਾਰੀ ਸਾਂਝੀ ਕਰਨ ਤੇ ਸਹਿਯੋਗ ਵਧਾਉਣ 'ਤੇ ਤਸੱਲੀ ਪ੍ਰਗਟਾਈ।



ਗਾਰਸੈਟੀ ਨੇ ਕਿਹਾ ਕਿ ਅਮਰੀਕਾ ਦਾ ਸੁਫ਼ਨਾ ਤੇ ਭਾਰਤ ਦਾ ਸੁਫ਼ਨਾ ਇੱਕ ਹੀ ਸਿੱਕੇ ਦੇ ਦੋ ਪਾਸੇ ਸਨ। ਦੋਵਾਂ ਮੁਲਕਾਂ ਵਿਚਾਲੇ ਸਬੰਧ ਬਹੁ-ਪੱਖੀ ਹਨ ਅਤੇ ਦੋਵਾਂ ਦੀ ਭਾਈਵਾਲੀ ਦੀ ਕੋਈ ਹੱਦ ਨਹੀਂ ਹੈ। ਇੱਥੇ 'ਪੀਸ ਐਂਡ ਦਿ ਰੋਲ ਆਫ ਦਿ ਯੂਐੱਸ-ਇੰਡੀਆ ਡਿਫੈਂਸ ਐਂਡ ਸਿਕਿਓਰਿਟੀ ਪਾਰਟਨਰਸ਼ਿਪ' ਵਿਸ਼ੇ 'ਤੇ ਇੱਕ ਸਮਾਗਮ ਨੂੰ ਸੰਬੋਧਨ ਕਰਦਿਆਂ ਗਾਰਸੈਟੀ ਨੇ ਕਿਹਾ ਕਿ ਅਤਿਵਾਦ ਕਾਰਨ ਕਈ ਬੇਕਸੂਰ ਲੋਕਾਂ ਨੇ ਜਾਨ ਗੁਆਈ ਹੈ। ਉਨ੍ਹਾਂ ਕਿਹਾ ਕਿ ਦੋਵਾਂ ਮੁਲਕਾਂ ਨੂੰ ਲਸ਼ਕਰ, ਜੈਸ਼, ਆਈਐੱਸਆਈਐੱਸ ਜਿਹੇ ਅਤਿਵਾਦੀ ਸੰਗਠਨਾਂ ਤੋਂ ਖਤਰਾ ਹੈ। ਇਨ੍ਹਾਂ ਅਤਿਵਾਦੀ ਸੰਗਠਨਾਂ ਦੀ ਕੋਈ ਹੱਦ ਨਹੀਂ ਹੈ। ਸਾਨੂੰ ਮਿਲ ਕੇ ਇਸ ਖਤਰੇ ਦਾ ਸਾਹਮਣਾ ਕਰਨਾ ਚਾਹੀਦਾ ਹੈ। ਅਸੀਂ ਅਤਿਵਾਦ ਖਿਲਾਫ਼ ਲੜਾਈ ਤੋਂ ਕਿਤੇ ਅੱਗੇ ਇੱਕ-ਦੂਜੇ ਦਾ ਸਹਿਯੋਗ ਕਰਦੇ ਹਾਂ ਪਰ ਸਾਨੂੰ ਇਹ ਵੀ ਦੇਖਣਾ ਪਵੇਗਾ ਕਿ ਅਸੀਂ ਭਾਈਚਾਰਿਆਂ ਨੂੰ ਕੱਟੜਵਾਦ ਤੋਂ ਕਿਵੇਂ ਮੁਕਤ ਕਰ ਸਕਦੇ ਹਾਂ।

ਉਨ੍ਹਾਂ ਕਿਹਾ ਕਿ ਭਾਰਤ ਤੇ ਅਮਰੀਕਾ ਅਤਿਵਾਦ ਖਿਲਾਫ਼ ਲੜਾਈ 'ਚ ਇਕਜੁੱਟ ਹਨ ਅਤੇ ਅਪਰਾਧੀਆਂ ਨੂੰ ਨਿਆਂ ਦੇ ਕਟਹਿੜੇ 'ਚ ਲਿਆਉਣ ਲਈ ਦੋਵਾਂ ਦੇਸ਼ਾਂ ਵਿਚਾਲੇ ਖੁਫੀਆ ਜਾਣਕਾਰੀ ਸਾਂਝੀ ਕਰਨ ਤੇ ਸਹਿਯੋਗ ਵਧਾਉਣ ਦੀ ਲੋੜ ਹੈ। ਉਨ੍ਹਾਂ ਕਿਹਾ, 'ਅਮਰੀਕਾ ਭਾਰਤ ਦਾ ਨੰਬਰ ਇੱਕ ਫੌਜੀ ਅਭਿਆਸ ਭਾਈਵਾਲ ਹੈ ਅਤੇ ਅਸੀਂ ਅਲਾਸਕਾ ਦੇ ਪਹਾੜਾਂ ਤੋਂ ਲੈ ਕੇ ਹਿੰਦ ਮਹਾਸਾਗਰ ਤੱਕ ਸਾਂਝੇ ਫੌਜੀ ਅਭਿਆਸ ਕੀਤੇ ਹਨ।

## ਬਲੈਕਫਾਲਡਜ਼ ਵਿੱਚ ਲੁੱਟ ਦੇ ਸਿਲਸਿਲੇ ਵਿੱਚ ਇੱਕ ਹੋਰ ਵਿਅਕਤੀ ਗ੍ਰਿਫ਼ਤਾਰ

ਐਡਮਿੰਟਨ, 9 ਜਨਵਰੀ (ਪੋਸਟ ਬਿਊਰੋ): ਬਲੈਕਫਾਲਡਜ਼ 7-ਇਲੈਵਨ ਵਿੱਚ ਹਥਿਆਰਬੰਦ ਡਕੈਤੀ ਦੇ ਸਿਲਸਿਲੇ ਵਿੱਚ ਦੂਜੇ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਹ ਵਿਅਕਤੀ ਉਨ੍ਹਾਂ ਦੋ ਸ਼ੱਕੀ ਨਕਾਬਪੋਸ਼ ਲੁਟੇਰੀਆਂ ਵਿੱਚੋਂ ਇੱਕ ਹੈ, ਜਿਨ੍ਹਾਂ ਨੇ 11 ਨਵੰਬਰ ਨੂੰ ਇੱਕ ਗੰਨ ਨਾਲ ਸਟੋਰ ਲੁੱਟਿਆ ਸੀ।




ਰੈੱਡ ਡੀਅਰ ਨਿਵਾਸੀ 21 ਸਾਲਾ ਵਿਅਕਤੀ 'ਤੇ ਪੰਜ ਚਾਰਜਿਜ਼ ਹਨ, ਜਿਸ ਵਿੱਚ ਬੰਦੂਕ ਨਾਲ ਡਕੈਤੀ ਅਤੇ ਭੇਸ ਬਦਲਨਾ ਸ਼ਾਮਿਲ ਹੈ। ਉਸਨੂੰ ਵੀਰਵਾਰ ਨੂੰ ਰੈੱਡ ਡੀਅਰ ਵਿੱਚ ਅਲਬਰਟਾ ਕੋਰਟ ਆਫ ਜਸਟਿਸ ਵਿੱਚ ਪੇਸ਼ ਹੋਣਾ ਸੀ।

ਆਰਸੀਐੱਮਪੀ ਨੇ ਕਿਹਾ ਕਿ ਡਕੈਤੀ ਵਿੱਚ ਇਸਤੇਮਾਲ ਕੀਤੇ ਗਏ ਸਕਰੀਮ ਮਾਸਕ ਅਤੇ ਇੱਕ ਬੀਬੀ ਗੰਨ ਵੀ ਬਰਾਮਦ ਕੀਤੀ ਗਈ ਹੈ।

ਦਸੰਬਰ ਵਿੱਚ ਡਕੈਤੀ ਦੇ ਸਿਲਸਿਲੇ ਵਿੱਚ ਇੱਕ 19 ਸਾਲਾ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਸ 'ਤੇ ਚਾਰਜਿਜ਼ ਲਗਾਇਆ ਗਿਆ।

## ਟਰੰਪ ਦੇ ਸਹੁੰ ਚੁੱਕ ਸਮਾਗਮ ਲਈ 17 ਕਰੋੜ ਅਮਰੀਕੀ ਡਾਲਰ ਤੋਂ ਵੱਧ ਦਾ ਚੰਦਾ ਮਿਲਿਆ

ਵਾਸ਼ਿੰਗਟਨ, 9 ਜਨਵਰੀ (ਪੋਸਟ ਬਿਊਰੋ): ਅਮਰੀਕਾ ਦੇ ਨਵੇਂ ਚੁਣੇ ਗਏ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਆਗਾਮੀ ਸਹੁੰ ਚੁੱਕ ਸਮਾਗਮ ਲਈ ਰਿਕਾਰਡ 17 ਕਰੋੜ ਅਮਰੀਕੀ ਡਾਲਰ ਤੋਂ ਵੱਧ ਦਾ ਚੰਦਾ ਦਿੱਤਾ ਗਿਆ ਹੈ। ਸਮਾਗਮ ਲਈ ਵੱਡੇ ਕਾਰੋਬਾਰੀਆਂ ਅਤੇ ਦਾਨੀ ਸੱਜਣਾਂ ਨੇ



ਖੁੱਲ੍ਹੇ ਦਿਲ ਨਾਲ ਚੰਦਾ ਦਿਤਾ ਹੈ।

ਇਹ ਜਾਣਕਾਰੀ ਚੰਦਾ ਇਕੱਠਾ ਕਰਨ ਦੀ ਸਿੱਧੀ ਜਾਣਕਾਰੀ ਰੱਖਣ ਵਾਲੇ ਇਕ ਵਿਅਕਤੀ ਨੇ ਦਿੱਤੀ, ਜਿਸ ਨੂੰ ਜਨਤਕ ਤੌਰ 'ਤੇ ਬੋਲਣ ਦਾ ਅਧਿਕਾਰ ਨਹੀਂ ਹੈ। ਟਰੰਪ ਦੇ ਸਹੁੰ ਚੁੱਕ ਸਮਾਗਮ ਨਾਲ ਸਬੰਧਤ ਕਮੇਟੀ ਨੇ ਬੁਧਵਾਰ ਨੂੰ ਪ੍ਰਤੀਕਿਰਿਆ ਮੰਗੇ ਜਾਣ 'ਤੇ ਕੋਈ ਜਵਾਬ ਨਹੀਂ ਦਿਤਾ। ਕਮੇਟੀ ਨੇ ਅਜੇ ਤਕ ਇਹ ਨਹੀਂ ਦਸਿਆ ਹੈ ਕਿ ਉਹ ਚੰਦੇ ਦੇ ਪੈਸੇ ਨੂੰ ਕਿਵੇਂ ਖ਼ਰਚਣ ਦੀ ਯੋਜਨਾ ਬਣਾ ਰਹੀ ਹੈ।

ਚੰਦੇ ਦੀ ਵਰਤੋਂ ਆਮ ਤੌਰ 'ਤੇ ਸਹੁੰ ਚੁੱਕ ਸਮਾਗਮਾਂ, ਜਿਵੇਂਕਿ ਪਰੇਡਾਂ ਆਦੀ ਨਾਲ ਜੁੜੇ ਖ਼ਰਚਿਆਂ ਲਈ ਭੁਗਤਾਨ ਕਰਨ ਲਈ ਕੀਤੀ ਜਾਂਦੀ ਹੈ।

...ਬਾਕੀ ਪੰਨਾ 2 'ਤੇ

MagGas Medical Brampton
MGM
MAGGAS MEDICAL INC.
Helping you breathe deep and rest easy.
- CPAP ਮਸ਼ੀਨਾਂ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਓਨਟਾਰੀਓ ਡਿਸੇਬਿਲਟੀ ਸਪੋਰਟ ਪ੍ਰੋਗਰਾਮ ਲਈ
- ਓਨਟਾਰੀਓ ਵਰਕਸ ਲਈ ਮੁਫ਼ਤ
- ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

NANNY NEEDED ਨੈਨੀ ਦੀ ਲੋੜ
ਬਰੈਂਪਟਨ ਵਿੱਚ ਰਹਿੰਦੇ ਪਰਿਵਾਰ ਨੂੰ ਘਰ ਦੇ ਕੰਮਕਾਜ ਲਈ ਨੈਨੀ ਦੀ ਤੁਰੰਤ ਲੋੜ ਹੈ। ਨੈਨੀ ਦੀ ਉਮਰ 50-55 ਸਾਲ ਹੋਣੀ ਚਾਹੀਦੀ ਹੈ।
ਸੰਪਰਕ: 426-556-6884

ਨਵਾਂ ਘਾਹ ਲਵਾਉ
647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਕਰਜ਼ੇ ਦੀ ਸਿਰਦਰਦੀ ?
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7



## ਟਰੰਪ ਦੇ ਸਹੁੰ ਚੁੱਕ ਸਮਾਗਮ ਲਈ 17 ਕਰੋੜ ਅਮਰੀਕੀ ਡਾਲਰ ਤੋਂ ਵੱਧ ਦਾ ਚੰਦਾ ਮਿਲਿਆ

ਪੰਨਾ 1 ਦਾ ਬਾਕੀ

ਚੰਦੇ ਬਾਰੇ ਜਾਣਕਾਰੀ ਦੇਣ ਵਾਲੇ ਵਿਅਕਤੀ ਨੇ ਕਿਹਾ ਕਿ ਸਹੁੰ ਚੁੱਕ ਸਮਾਗਮ ਤੋਂ ਬਾਅਦ ਬਚੇ ਪੈਸੇ ਨੂੰ ਭਵਿੱਖ ਵਿਚ ਟਰੰਪ ਦੀ ਰਾਸ਼ਟਰਪਤੀ ਦੀ ਲਾਇਬ੍ਰੇਰੀ ਲਈ ਵਰਤੇ ਜਾਣ ਦੀ ਉਮੀਦ ਹੈ।

ਫੈਡਰਲ ਚੋਣ ਰਿਕਾਰਡਾਂ ਅਨੁਸਾਰ, ਇਸ ਤੋਂ ਪਹਿਲਾਂ 2020 ਵਿਚ ਜੋਅ ਬਾਇਡਨ ਦੇ ਸਹੁੰ ਚੁੱਕ ਸਮਾਗਮ ਲਈ ਲਗਭਗ 6.2 ਕਰੋੜ ਅਮਰੀਕੀ ਡਾਲਰ ਚੰਦਾ ਦਿਤਾ ਗਿਆ ਸੀ। ਨਾਲ ਹੀ 2016 ਵਿਚ ਟਰੰਪ ਦੇ ਸਹੁੰ ਚੁੱਕ ਸਮਾਗਮ ਲਈ 10.7 ਕਰੋੜ ਅਮਰੀਕੀ ਡਾਲਰ ਦਾ ਰਿਕਾਰਡ ਚੰਦਾ ਮਿਲਿਆ ਸੀ।

## ਹਿਮਾਚਲ ਪ੍ਰਦੇਸ਼ ਦੇ ਉੱਚੇ ਇਲਾਕਿਆਂ ’ਚ ਹੋ ਸਕਦੀ ਹੈ ਬਰਫ਼ਬਾਰੀ, ਕਸ਼ਮੀਰ ’ਚ ਵਧੀ ਠੰਢ



ਸ੍ਰੀਨਗਰ, 9 ਜਨਵਰੀ (ਪੋਸਟ ਬਿਊਰੋ): ਮੌਸਮ ਵਿਭਾਗ ਨੇ ਦੱਸਿਆ ਕਿ ਹਿਮਾਚਲ ਪ੍ਰਦੇਸ਼ ਦੇ ਸ਼ਿਮਲਾ ਅਤੇ ਵੱਧ ਤੇ ਦਰਮਿਆਨੀ ਉਚਾਈ ਵਾਲੇ ਇਲਾਕਿਆਂ ’ਚ ਇਸ ਹਫ਼ਤੇ ਦੇ ਅੰਤ ’ਚ ਬਰਫਬਾਰੀ ਹੋ ਸਕਦੀ ਹੈ। ਉੱਧਰ ਮੌਸਮ ਸਾਫ ਹੋਣ ਕਾਰਨ ਕਸ਼ਮੀਰ ਘਾਟੀ ’ਚ ਠੰਢ ਨੇ ਜ਼ੋਰ ਫੜ ਲਿਆ ਹੈ ਅਤੇ ਪਹਿਲਗਾਮ ’ਚ ਘੱਟੋ-ਘੱਟ ਤਾਪਮਾਨ ਮਨਫੀ 10 ਡਿਗਰੀ ਤੋਂ ਹੇਠਾਂ ਚਲਾ ਗਿਆ ਹੈ। ਮੌਸਮ ਵਿਭਾਗ ਨੇ ਅੱਜ ਦੱਸਿਆ ਕਿ ਦੱਖਣ-ਪੱਛਮੀ ਇਰਾਨ ’ਤੇ ਬਣੀ ਪੱਛਮੀ ਗੜਬੜੀ ਪੂਰਬ ਤੇ ਉੱਤਰ-ਪੂਰਬ ਵੱਲ ਵੱਧ ਸਕਦੀ ਹੈ। ਮੌਸਮ ਵਿਭਾਗ ਨੇ ਸ਼ਨਿਚਰਵਾਰ ਤੇ ਐਤਵਾਰ ਨੂੰ ਹਿਮਾ-ਚਲ ’ਚ ਮੀਂਹ ਅਤੇ ਦਰਮਿਆਨੇ ਤੇ ਉੱਚੇ ਇਲਾਕਿਆਂ ’ਚ ਬਰਫਬਾਰੀ ਦਾ ਅਨੁਮਾਨ ਜ਼ਾਹਿਰ ਕੀਤਾ ਹੈ।

ਮੌਸਮ ਵਿਭਾਗ ਅਨੁਸਾਰ ਸ਼ਨਿਚਰਵਾਰ ਸ਼ਾਮ ਤੋਂ ਐਤਵਾਰ ਦੀ ਅੱਧੀ ਰਾਤ ਤੱਕ ਸ਼ਿਮਲਾ ਸ਼ਹਿਰ ਸਮੇਤ ਸੂਬੇ ਦੇ ਦਰਮਿਆਨੇ ਤੇ ਉੱਚੇ ਪਹਾੜੀ ਇਲਾਕੇ ਦੇ ਕੁਝ ਹਿੱਸਿਆਂ ’ਚ ਹਲਕੀ ਤੇ ਕੁਝ ਥਾਵਾਂ ’ਤੇ ਦਰਮਿਆਨੀ ਬਰਫ਼ਬਾਰੀ ਦਾ ਅਨੁਮਾਨ ਹੈ। ਇਸੇ ਤਰ੍ਹਾਂ ਊਨਾ ’ਚ ਲੰਘੇ 24 ਘੰਟਿਆਂ ਦੌਰਾਨ ਸੀਤ ਲਹਿਰ ਜਾਰੀ ਰਹੀ ਤੇ ਘੱਟੋ ਘੱਟ ਤਾਪਮਾਨੀ ਮਨਫੀ 0.5 ਡਿਗਰੀ ਦਰਜ ਕੀਤਾ ਗਿਆ। ਲਾਹੌਲ ਸਪਿਤੀ ਜ਼ਿਲ੍ਹੇ ਦਾ ਕੁਕੁਮਸੇਰੀ ਇਲਾਕਾ ਸਭ ਤੋਂ ਠੰਢਾ ਸਥਾਨ ਰਿਹਾ ਜਿੱਥੇ ਘੱਟੋ-ਘੱਟ ਤਾਪਮਾਨ ਮਨਫੀ 11.3 ਡਿਗਰੀ ਰਿਹਾ। ਦੂਜੇ ਪਾਸੇ ਕਸ਼ਮੀਰ ’ਚ ਜ਼ਿਆਦਾਤਰ ਥਾਵਾਂ ’ਤੇ ਘੱਟੋ ਘੱਟ ਤਾਪਮਾਨ ਜਮਾਓ ਦਰਜੇ ਤੋਂ ਕਈ ਡਿਗਰੀ ਹੇਠਾਂ ਪਹੁੰਚ ਗਿਆ ਹੈ ਅਤੇ ਘਾਟੀ ’ਚ ਠੰਢ ਦਾ ਕਹਿਰ ਜਾਰੀ ਹੈ।

ਮੌਸਮ ਵਿਭਾਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਪਿਛਲੇ ਕੁਝ ਦਿਨਾਂ ਤੋਂ ਆਸਮਾਨ ਸਾਫ਼ ਹੋਣ ਕਾਰਨ ਰਾਤ ਦੇ ਤਾਪਮਾਨ ’ਚ ਗਿਰਾਵਟ ਆਈ ਹੈ। ਪਹਿਲਗਾਮ ’ਚ ਘੱਟੋ-ਘੱਟ ਤਾਪਮਾਨ 10.4 ਡਿਗਰੀ ਦਰਜ ਕੀਤਾ ਗਿਆ। ਇਸੇ ਤਰ੍ਹਾਂ ਸ੍ਰੀਨਗਰ ’ਚ ਘੱਟੋ-ਘੱਟ ਤਾਪਮਾਨ ਮਨਫੀ 4.4, ਗੁਲਮਰਗ ’ਚ ਮਨਫੀ 9.6, ਕਾਜ਼ੀਗੁੰਡ ’ਚ ਮਨਫੀ 6.2 ਤੇ ਕੁਪਵਾੜਾ ’ਚ ਘੱਟੋ-ਘੱਟ ਤਾਪਮਾਨ ਮਨਫੀ 4.6 ਡਿਗਰੀ ਦਰਜ ਕੀਤਾ ਗਿਆ। ਮੌਸਮ ਵਿਭਾਗ ਨੇ ਸ਼ਨਿਚਰਵਾਰ ਤੇ ਐਤਵਾਰ ਨੂੰ ਮੀਂਹ ਤੇ ਬਰਫਬਾਰੀ ਦੀ ਪੇਸ਼ੀਨਗੋਈ ਕੀਤੀ ਹੈ।

## ਸੁਰੱਖਿਆ ਬਲਾਂ ਨੇ ਲਸ਼ਕਰ ਨਾਲ ਸੰਬੰਧਤ ਤਿੰਨ ਵਿਅਕਤੀ ਕੀਤੇ ਗ੍ਰਿਫ਼ਤਾਰ



ਸ੍ਰੀਨਗਰ, 9 ਜਨਵਰੀ (ਪੋਸਟ ਬਿਊਰੋ): ਸੁਰੱਖਿਆ ਬਲਾਂ ਨੇ ਲਸ਼ਕਰ-ਏ-ਤੋਇਬਾ ਨਾਲ ਜੁੜੇ ਤਿੰਨ ਵਿਅਕਤੀਆਂ ਨੂੰ ਜੰਮੂ ਕਸ਼ਮੀਰ ਦੇ ਕੁਲਗਾਮ ਜ਼ਿਲ੍ਹੇ ’ਚੋਂ ਗ੍ਰਿਫ਼ਤਾਰ ਕੀਤਾ ਹੈ। ਪੁਲੀਸ ਮੁਤਾਬਕ ਉਹ ਜ਼ਿਲ੍ਹੇ ’ਚ ਕੋਈ ਵੱਡੀ ਦਹਿਸ਼ਤੀ ਘਟਨਾ ਨੂੰ ਅੰਜਾਮ ਦੇਣ ਦੀ ਤਾਕ ’ਚ ਸਨ। ਪੁਲੀਸ ਤਰਜਮਾਨ ਨੇ ਕਿਹਾ ਕਿ ਤਿੰਨਾਂ ਖ਼ਿਲਾਫ਼ ਯੂਏਪੀਏ ਤਹਿਤ ਜ਼ਿਲ੍ਹੇ ਦੇ ਕਾਇਮੋਹ ਪੁਲੀਸ ਸਟੇਸ਼ਨ ’ਚ ਕੇਸ ਦਰਜ ਕੀਤਾ ਗਿਆ ਹੈ। ਤਿੰਨਾਂ ਦੀ ਪਛਾਣ ਉਬੈਦ ਖੁਰਸ਼ੀਦ ਖਾਂਡੇ, ਮਕਸੂਦ ਅਹਿਮਦ ਭੱਟ ਅਤੇ ਉਮਰ ਬਸ਼ੀਰ ਵਜੋਂ ਹੋਈ ਹੈ। ਅਧਿਕਾਰੀ ਨੇ ਕਿਹਾ ਕਿ ਪੁਲੀਸ, ਫੌਜ ਅਤੇ ਸੀਆਰਪੀਐੱਫ ਦੀ ਸਾਂਝੀ ਟੀਮ ਵੱਲੋਂ ਕੀਤੀ ਗਈ ਕਾਰਵਾਈ ਦੌਰਾਨ ਤਿੰਨਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਕੋਲੋਂ ਦੋ ਏਕੇ ਰਾਈਫ਼ਲਾਂ, ਏਕੇ ਸੀਰੀਜ਼ ਦੀਆਂ ਅੱਠ ਮੈਗਜ਼ੀਨਾਂ, 217 ਰੌਂਦ, ਪੰਜ ਹੱਥਗੋਲੇ ਅਤੇ ਹੋਰ ਸਮੱਗਰੀ ਬਰਾਮਦ ਕੀਤੀ ਗਈ ਹੈ।

## ਸੰਯੁਕਤ ਕਿਸਾਨ ਮੋਰਚਾ ਵੱਲੋਂ 13 ਜਨਵਰੀ ਨੂੰ ਕੌਮੀ ਖੇਤੀ ਮੰਡੀਕਰਨ ਨੀਤੀ ਖਰੜੇ ਦੀਆਂ ਕਾਪੀਆਂ ਸਾੜਨ ਅਤੇ 26 ਜਨਵਰੀ ਨੂੰ ਟਰੈਕਟਰ ਮਾਰਚ ਕਰਨ ਦਾ ਐਲਾਨ

ਮੋਗਾ, 9 ਜਨਵਰੀ (ਗਿਆਨ ਸਿੰਘ): ਸੰਯੁਕਤ ਕਿਸਾਨ ਮੋਰਚਾ ਵਲੋਂ 13 ਜਨਵਰੀ ਨੂੰ ਤਹਿਸੀਲ ਹੈਡਕੁਆਰਟਰਾਂ ਉੱਤੇ ਕੌਮੀ ਖੇਤੀ ਮੰਡੀਕਰਨ ਨੀਤੀ ਖਰੜੇ ਦੀਆਂ ਕਾਪੀਆਂ ਸਾੜਣ ਅਤੇ ਪਿਛਲੇ ਸਾਲਾਂ ਦੀ ਤਰਜ਼ ਉੱਤੇ 26 ਜਨਵਰੀ ਨੂੰ ਟਰੈਕਟਰ ਮਾਰਚ ਕਰਨ ਦਾ ਐਲਾਨ ਕੀਤਾ ਹੈ। ਇਨ੍ਹਾਂ ਐਕਸ਼ਨ ਪ੍ਰੋਗਰਾਮਾਂ ਵਿੱਚ ਕੌਮੀ ਖੇਤੀ ਮੰਡੀਕਰਨ ਨੀਤੀ ਖਰੜੇ ਨੂੰ ਰੱਦ ਕਰਨ, ਸਵਾਮੀਨਾਥਨ ਫਾਰਮੂਲੇ ਤਹਿਤ ਐਮ ਐਸ ਪੀ ਤੇ ਖ੍ਰੀਦ ਦਾ ਗਾਰੰਟੀ ਕਾਨੂੰਨ, ਕਿਸਾਨਾਂ ਮਜ਼ਦੂਰਾਂ ਦੀ ਕਰਜ਼ਾ ਮੁਕਤੀ ਦੀ ਮੰਗ ਕਰਨ ਦੇ ਨਾਲ ਨਾਲ ਬਾਰਡਰਾਂ ਤੇ ਸੰਘਰਸ਼ੀਲ ਕਿਸਾਨਾਂ ਦਾ ਸਮਰਥਨ ਕੀਤਾ ਜਾਵੇਗਾ। ਉਪਰੋਕਤ ਐਲਾਨ ਅੱਜ ਮੋਗਾ ਵਿਖੇ ਸੰਯੁਕਤ ਕਿਸਾਨ ਮੋਰਚਾ ਵਲੋਂ ਕੀਤੀ ਗਈ ਮਹਾਂਪੰਚਾਇਤ ਦੌਰਾਨ ਕੀਤੇ ਗਏ। ਵਰਣਨਯੋਗ ਹੈ ਕਿ ਮੋਗਾ ਵਿਖੇ ਸੰਯੁਕਤ ਕਿਸਾਨ ਮੋਰਚਾ ਦੀ ਮਹਾਂਪੰਚਾਇਤ ਵਿੱਚ ਪੰਜਾਬ ਦੇ ਕੋਨੇ ਕੋਨੇ ਤੋਂ ਵਹੀਰਾਂ ਘੱਤ ਕੇ ਸ਼ਾਮਲ ਹੋਏ ਕਿਸਾਨਾਂ ਕਾਰਨ ਰਿਕਾਰਡ ਤੋੜ ਜਨ ਸੈਲਾਬ ਉਮੜਿਆ।

ਮੋਗਾ ਵਿਖੇ ਮਹਾਂਪੰਚਾਇਤ ਵਿੱਚ ਜੁੜੇ ਇਕੱਠ ਨੇ ਕੌਮੀ ਖੇਤੀ ਮੰਡੀਕਰਨ ਨੀਤੀ ਦੇ ਖਰੜੇ ਨੂੰ ਰੱਦ ਕਰਵਾਉਣ, ਸਵਾਮੀਨਾਥਨ ਫਾਰਮੂਲੇ ਤਹਿਤ ਐਮ ਐਸ ਪੀ ਤੇ ਖ੍ਰੀਦ ਦਾ ਗਾਰੰਟੀ ਕਾਨੂੰਨ ਬਣਾਉਣ ਸਮੇਤ ਦਿੱਲੀ ਮੋਰਚੇ ਦੀਆਂ ਮੰਨੀਆਂ ਮੰਗਾਂ ਨੂੰ ਲਾਗੂ ਕਰਵਾਉਣ ਅਤੇ ਕਿਸਾਨਾਂ ਮਜ਼ਦੂਰਾਂ ਦੀ ਕਰਜ਼ਾ ਮੁਕਤੀ ਖਾਤਰ ਕਿਸਾਨ ਲਹਿਰ ਦੇ ਸਾਂਝੇ/ਤਾਲਮੇਲਵੇ ਸੰਘਰਸ਼ ਦੀ ਲੋੜ ਦੇ ਮੱਦੇਨਜ਼ਰ ਏਕਤਾ ਮਤਾ ਪਾਸ ਕੀਤਾ। ਸੰਯੁਕਤ ਕਿਸਾਨ ਮੋਰਚਾ ਦੀ ਛੇ ਮੈਂਬਰੀ ਏਕਤਾ ਕਮੇਟੀ ਭਲਕੇ 10 ਜਨਵਰੀ ਨੂੰ ਖਨੌਰੀ ਅਤੇ ਸ਼ੰਭੂ ਬਾਰਡਰ ਵਿਖੇ ਏਕਤਾ ਦਾ ਇਹ ਮਤਾ ਲੈਕੇ ਜਾਵੇਗੀ। ਜਿਸ ਵਿਚ 15 ਜਨਵਰੀ ਨੂੰ ਪਟਿਆਲਾ ਦੇ ਗੁਰਦੁਆਰਾ ਦੁਖਨਿਵਾਰਨ ਸਾਹਿਬ ਵਿਖੇ ਸਾਂਝੀ ਮੀਟਿੰਗ ਕਰਨ ਦਾ ਸੱਦਾ ਵੀ ਸ਼ਾਮਲ ਹੈ।

ਮਰਨ ਵਰਤ ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਦਿਨੋਂ ਦਿਨ ਗੰਭੀਰ ਹੋ ਰਹੀ ਹਾਲਤ ਦੇ ਲਈ ਕੇਂਦਰ ਸਰਕਾਰ ਖਾਸ ਕਰਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਖੇਤੀ ਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੂੰ ਸਿੱਧੇ ਤੌਰ ਤੇ ਜ਼ਿੰਮੇਵਾਰ ਦੱਸਦਿਆਂ ਸੰਯੁਕਤ ਕਿਸਾਨ ਮੋਰਚਾ ਨੇ ਜ਼ੋਰਦਾਰ ਮੰਗ ਕੀਤੀ ਕਿ ਜਗਜੀਤ ਸਿੰਘ ਡੱਲੇਵਾਲ ਦੀ ਜਾਨ ਬਚਾਉਣ ਲਈ ਕੇਂਦਰ ਸਰਕਾਰ ਤੁਰੰਤ ਸੰਘਰਸ਼ੀਲ ਜੱਥੇਬੰਦੀਆਂ ਨਾਲ ਗੱਲਬਾਤ ਸ਼ੁਰੂ ਕਰੇ। ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਨੇ ਕੇਂਦਰ ਸਰਕਾਰ ਨੂੰ ਸਪੱਸ਼ਟ ਚਿਤਾਵਨੀ ਦਿੱਤੀ ਕਿ ਜੇਕਰ ਜਗਜੀਤ ਸਿੰਘ ਡੱਲੇਵਾਲ ਦਾ ਕੋਈ ਨੁਕਸਾਨ ਹੋਇਆ ਤਾਂ ਮੋਰਚਾ ਸਖਤ ਕਦਮ ਚੁੱਕਣ ਤੋਂ ਪਿੱਛੇ ਨਹੀ ਹਟੇਗਾ।

## ਟਰੰਪ ਦੀਆਂ ਮੁਸ਼ਕਿਲਾਂ ਵਧੀਆਂ: ਪੋਰਨ ਸਟਾਰ ਦਾ ਮੂੰਹ ਬੰਦ ਕਰਨ ਦੇ ਮਾਮਲੇ ’ਚ ਕੋਰਟ ਵੱਲੋਂ ਸਜ਼ਾ ’ਤੇ ਰੋਕ ਲਾਉਣ ਤੋਂ ਇਨਕਾਰ



ਵਾਸ਼ਿੰਗਟਨ, 9 ਜਨਵਰੀ (ਪੋਸਟ ਬਿਊਰੋ): ਨਿਊਯਾਰਕ ਦੀ ਸਰਬਉੱਚ ਅਦਾਲਤ ਨੇ ਪੈਸੇ ਦੇ ਕੇ ਪੋਰਨ ਸਟਾਰ ਦਾ ਮੂੰਹ ਬੰਦ ਕਰਵਾਉਣ ਦੇ ਮਾਮਲੇ ਵਿਚ ਅਮਰੀਕਾ ਦੇ ਨਵੇਂ ਚੁਣੇ ਰਾਸ਼ਟਰਪਤੀ ਡੋਨਲਡ ਟਰੰਪ ਨੂੰ ਸ਼ੁੱਕਰਵਾਰ ਨੂੰ ਸੁਣਾਈ ਜਾਣ ਵਾਲੀ ਸਜ਼ਾ ’ਤੇ ਰੋਕ ਲਾਉਣ ਤੋਂ ਨਾਂਹ ਕਰ ਦਿੱਤੀ ਹੈ। ਨਿਊਯਾਰਕ ਅਪੀਲੀ ਅਦਾਲਤ ਦੇ ਜੱਜ ਨੇ ਇਕ ਸੰਖੇਪ ਹੁਕਮ ਵਿਚ ਟਰੰਪ ਦੀ ਕਾਨੂੰਨੀ ਟੀਮ ਨੂੰ ਸੁਣਵਾਈ ਦਾ ਮੌਕਾ ਦੇਣ ਤੋਂ ਇਨਕਾਰ ਕਰ ਦਿੱਤਾ। ਟਰੰਪ ਨੂੰ ਦੇਸ਼ ਦੀ ਸਿਖਰਲੀ ਕੋਰਟ ਨੂੰ ਅਪੀਲ ਕੀਤੀ ਸੀ ਕਿ ਉਹ ਇਸ ਮਾਮਲੇ ਵਿਚ ਸ਼ੁੱਕਰਵਾਰ ਨੂੰ ਸਜ਼ਾ ਸੁਣਾਉਣ ਲਈ ਹੋਣ ਵਾਲੀ ਸੁਣਵਾਈ ਰੱਦ ਕਰ ਦੇਵੇ। ਨਿਊ ਯਾਰਕ ਦੀ ਕੋਰਟ ਵੱਲੋਂ ਜੱਜ ਜੁਆਂ ਐੱਮ.ਮਰਚੇਨ ਵੱਲੋਂ ਸਜ਼ਾ ’ਤੇ ਰੋਕ ਲਾਉਣ ਤੋਂ ਨਾਂਹ ਕਰਨ ਮਗਰੋਂ ਟਰੰਪ ਨੇ ਵਕੀਲਾਂ ਨੇ ਸੁਪਰੀਮ ਕੋਰਟ ਦਾ ਦਰ ਖੜਕਾਇਆ ਸੀ। ਇਸ ਫੈਸਲੇ ਨਾਲ ਟਰੰਪ ਦੀਆਂ ਮੁਸ਼ਕਿਲਾਂ ਵਧ ਸਕਦੀਆਂ ਹਨ, ਜਿਨ੍ਹਾਂ ਨੇ 20 ਜਨਵਰੀ ਨੂੰ ਦੇਸ਼ ਦੇ ਸਿਖਰਲੇ ਅਹੁਦੇ ਦਾ ਹਲਫ਼ ਲੈਣਾ ਹੈ।

## ਟਰੰਪ ਨੇ ਹਮਾਸ ਨੂੰ ਕਿਹਾ- ਬੰਧਕ ਬਣਾਏ ਲੋਕਾਂ ਨੂੰ ਰਿਹਾਅ ਨਾ ਕੀਤਾ ਤਾਂ ਪੱਛਮੀ ਏਸ਼ੀਆ ’ਚ ਮੱਚੇਗੀ ਤਬਾਹੀ



ਵਾਸ਼ਿੰਗਟਨ, 9 ਜਨਵਰੀ (ਪੋਸਟ ਬਿਊਰੋ): ਅਮਰੀਕਾ ਦੇ ਨਵੇਂ ਚੁਣੇ ਗਏ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਚਿਤਾਵਨੀ ਦਿਤੀ ਹੈ ਕਿ ਜੇਕਰ ਹਮਾਸ ਵਲੋਂ ਬੰਧਕ ਬਣਾਏ ਗਏ ਲੋਕਾਂ ਨੂੰ 20 ਜਨਵਰੀ ਤਕ ਰਿਹਾਅ ਨਾ ਕੀਤਾ ਗਿਆ ਤਾਂ ਪਛਮੀ ਏਸ਼ੀਆ ਵਿਚ ਤਬਾਹੀ ਮਚ ਜਾਵੇਗੀ। ਟਰੰਪ ਨੇ ਹਾਲਾਂਕਿ ਇਹ ਸਪੱਸ਼ਟ ਨਹੀਂ ਕੀਤਾ ਕਿ ਜੇਕਰ ਬੰਧਕਾਂ ਨੂੰ ਰਿਹਾਅ ਨਹੀਂ ਕੀਤਾ ਗਿਆ ਤਾਂ ਉਹ ਕੀ ਕਾਰਵਾਈ ਕਰਨਗੇ।

ਹਮਾਸ ਨੇ 7 ਅਕਤੂਬਰ 2023 ਨੂੰ ਇਜ਼ਰਾਈਲ ’ਤੇ ਹਮਲਾ ਕੀਤਾ ਅਤੇ ਵੱਡੀ ਗਿਣਤੀ ’ਚ ਲੋਕਾਂ ਨੂੰ ਬੰਧਕ ਬਣਾ ਲਿਆ। ਅਧਿਕਾਰੀਆਂ ਦਾ ਕਹਿਣਾ ਹੈ ਕਿ ਲਗਭਗ 100 ਲੋਕ ਅਜੇ ਵੀ ਹਮਾਸ ਦੇ ਕਬਜ਼ੇ ਵਿਚ ਹਨ, ਜਿਨ੍ਹਾਂ ਵਿਚ ਕੁਝ ਅਮਰੀਕੀ ਨਾਗਰਿਕ ਵੀ ਸ਼ਾਮਲ ਹਨ। ਅਧਿਕਾਰੀਆਂ ਦਾ ਇਹ ਵੀ ਮੰਨਣਾ ਹੈ ਕਿ ਹੁਣ ਤਕ ਕਈ ਬੰਧਕਾਂ ਦੀ ਮੌਤ ਹੋ ਚੁਕੀ ਹੈ।

ਟਰੰਪ ਨੇ ਫ਼ਲੋਰੀਡਾ ਦੇ ਮਾਰ-ਏ-ਲਾਗੋ ਵਿਖੇ ਪੱਤਰਕਾਰਾਂ ਨੂੰ ਕਿਹਾ, ‘ਜੇਕਰ ਬੰਧਕਾਂ ਨੂੰ ਵਾਪਸ ਨਹੀਂ ਕੀਤਾ ਗਿਆ, ਤਾਂ ਸਭ ਕੁਝ ਤਬਾਹ ਹੋ ਜਾਵੇਗਾ। ਮੈਂ ਤੁਹਾਡੀਆਂ ਗੱਲਾਂ ਨੂੰ ਨੁਕਸਾਨ ਨਹੀਂ ਪਹੁੰਚਾਉਣਾ ਚਾਹੁੰਦਾ, ਜੇਕਰ ਉਹ ਮੇਰੇ ਅਹੁਦਾ ਸੰਭਾਲਣ ਤਕ ਵਾਪਸ ਨਹੀਂ ਆਉਂਦੇ ਤਾਂ ਪਛਮੀ ਏਸ਼ੀਆ ਵਿਚ ਸਭ ਕੁਝ ਤਬਾਹ ਹੋ ਜਾਵੇਗਾ। ਉਹ ਅਮਰੀਕੀ ਬੰਧਕਾਂ ਦੀ ਰਿਹਾਈ ’ਤੇ ਹਮਾਸ ਨਾਲ ਗੱਲਬਾਤ ਦੀ ਸਥਿਤੀ ’ਤੇ ਪੁੱਛੇ ਗਏ ਸਵਾਲ ਦਾ ਜਵਾਬ ਦੇ ਰਹੇ ਸਨ।

ਉਨ੍ਹਾਂ ਕਿਹਾ ਕਿ ਇਹ ਹਮਾਸ ਲਈ ਚੰਗਾ ਨਹੀਂ ਹੋਵੇਗਾ ਅਤੇ ਸੱਚ ਕਹਾਂ ਤਾਂ ਇਹ ਕਿਸੇ ਲਈ ਵੀ ਚੰਗਾ ਨਹੀਂ ਹੋਵੇਗਾ। ਸਭ ਕੁਝ ਬਰਬਾਦ ਹੋ ਜਾਵੇਗਾ। ਮੈਨੂੰ ਹੋਰ ਕੁੱਝ ਕਹਿਣ ਦੀ ਲੋੜ ਨਹੀਂ ਹੈ ਪਰ ਅਜਿਹਾ ਹੀ ਹੈ। ਉਨ੍ਹਾਂ ਨੂੰ ਬੰਧਕਾਂ ਨੂੰ ਬਹੁਤ ਪਹਿਲਾਂ ਛੱਡ ਦੇਣਾ ਚਾਹੀਦਾ ਸੀ। 7 ਅਕਤੂਬਰ ਵਰਗਾ ਹਮਲਾ ਕਦੇ ਨਹੀਂ ਹੋਣਾ ਚਾਹੀਦਾ ਸੀ।

TAX & ACCOUNTING

TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX

Harcharan S. Grover
Chartered Accountant

ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ

Call for Professional Advice
905.247.0193
info@grovercpa.ca

GroVerCPA Professional Corporation

214-7895 Tranmere Drive, Mississauga ON L5S 1V9

## ਛੱਤੀਸਗੜ੍ਹ ਵਿਚ ਮੁਕਾਬਲੇ ’ਚ ਤਿੰਨ ਨਕਸਲੀ ਹਲਾਕ



ਰਾਏਪੁਰ, 9 ਜਨਵਰੀ (ਪੋਸਟ ਬਿਊਰੋ): ਛੱਤੀਸਗੜ੍ਹ ਦੇ ਸੁਕਮਾ ਜ਼ਿਲ੍ਹੇ ’ਚ ਅੱਜ ਸੁਰੱਖਿਆ ਬਲਾਂ ਨਾਲ ਮੁਕਾ-ਬਲੇ ’ਚ ਤਿੰਨ ਨਕਸਲੀ ਮਾਰੇ ਗਏ ਹਨ। ਸੂਬੇ ਦੇ ਉਪ ਮੁੱਖ ਮੰਤਰੀ ਵਿਜੈ ਸ਼ਰਮਾ ਨੇ ਇਹ ਜਾਣਕਾਰੀ ਦਿੱਤੀ। ਸ਼ਰਮਾ ਨੇ ਕਿਹਾ ਕਿ ਸੁਕਮਾ ’ਚ ਨਕਸਲ ਵਿਰੋਧੀ ਮੁਹਿੰਮ ’ਚ ਸੁਰੱਖਿਆ ਬਲਾਂ ਨੂੰ ਸਫਲਤਾ ਮਿਲੀ ਹੈ।

ਉਨ੍ਹਾਂ ਰਾਏਪੁਰ ’ਚ ਪੱਤਰਕਾਰਾਂ ਨੂੰ ਦੱਸਿਆ ਕਿ ਹੁਣ ਤੱਕ ਤਿੰਨ ਨਕਸਲੀਆਂ ਦੀਆਂ ਲਾਸ਼ਾਂ ਬਰਾਮਦ ਹੋ ਚੁੱਕੀਆਂ ਹਨ ਅਤੇ ਤਲਾਸ਼ੀ ਮੁਹਿੰਮ ਅਜੇ ਵੀ ਜਾਰੀ ਹੈ। ਸ਼ਰਮਾ ਕੋਲ ਗ੍ਰਹਿ ਵਿਭਾਗ ਹੈ। ਛੇ ਜਨਵਰੀ ਨੂੰ ਬੀਜਾਪੁਰ ਜ਼ਿਲ੍ਹੇ ’ਚ ਨਕਸਲੀਆਂ ਵੱਲੋਂ ਕੀਤੇ ਗਏ ਆਈਈਡੀ ਧਮਾਕੇ ਦਾ ਜ਼ਿਕਰ ਕਰਦਿਆਂ ਉਪ ਮੁੱਖ ਮੰਤਰੀ ਨੇ ਕਿਹਾ, ‘ਨਕਸਲੀਆਂ ਨੇ ਜੋ ਕੀਤਾ ਉਸ ਮਗਰੋਂ ਸੁਰੱਖਿਆ ਬਲਾਂ ’ਚ ਭਾਰੀ ਗੁੱਸਾ ਹੈ।’ ਜ਼ਿਕਰਯੋਗ ਹੈ ਕਿ ਇਸ ਹਮਲੇ ’ਚ ਅੱਠ ਸੁਰੱਖਿਆ ਕਰਮੀ ਸ਼ਹੀਦ ਹੋ ਗਏ ਸਨ ਤੇ ਉਨ੍ਹਾਂ ਦੇ ਵਾਹਨ ਚਾਲਕ ਦੀ ਵੀ ਮੌਤ ਹੋ ਗਈ ਸੀ। ਸ਼ਰਮਾ ਨੇ ਕਿਹਾ, ‘ਮੈਂ ਉਨ੍ਹਾਂ (ਸੁਰੱਖਿਆ ਬਲਾਂ) ਨਾਲ ਮੁਲਾਕਾਤ ਕੀਤੀ ਹੈ। ਮੈਂ ਦੁਹਰਾਉਂਦਾ ਹਾਂ ਕਿ ਸਾਡੇ ਜਵਾਨਾਂ ਦੀ ਸ਼ਕਤੀ ਤੇ ਹੌਸਲੇ ਨਾਲ (ਨਕਸਲ) ਖਤਰੇ ਨੂੰ ਨਿਰਧਾਰਤ ਸਮੇਂ ਅੰਦਰ ਖਤਮ ਕਰ ਦਿੱਤਾ ਜਾਵੇਗਾ।’ -ਪੀਟੀਆਈ

ਸੁਰੱਖਿਆ ਬਲਾਂ ਨੇ ਅੱਜ ਛੱਤੀਸਗੜ੍ਹ ਦੇ ਬੀਜਾਪੁਰ ਜ਼ਿਲ੍ਹੇ ’ਚ ਨਕਸਲੀਆਂ ਵੱਲੋਂ ਲਾਏ ਦੋ ਆਈਈਡੀ ਬਰਾਮਦ ਕੀਤੇ ਹਨ। ਅਧਿਕਾਰੀਆਂ ਨੇ ਦੱਸਿਆ ਕਿ ਆਵਾਪੱਲੀ ਥਾਣੇ ਦੀ ਹੱਦ ’ਚ ਮੁਰ-ਦੰਗਾ ਗੰਦਗੀ ਟਰੈਕ ਤੋਂ ਆਈਈਡੀ ਦਾ ਉਦੋਂ ਪਤਾ ਲੱਗਾ ਜਦੋਂ ਸੀਆਰਪੀਐੱਫ ਦੀ 229ਵੀਂ ਬਟਾਲੀਅਨ ਅਤੇ ਸਥਾਨਕ ਪੁਲੀਸ ਦੀ ਇੱਕ ਸਾਂਝੀ ਟੀਮ ਰੋਡ ਓਪਨਿੰਗ ਪਾਰਟੀ (ਆਰਓਪੀ) ਅਤੇ ਡਿਮਾਈਨਿੰਗ ਡਿਊਟੀ ’ਤੇ ਨਿਕਲੀ ਸੀ। ਉਨ੍ਹਾਂ ਦੱਸਿਆ ਕਿ ਬਰਾਮਦ ਕੀਤੀ ਗਈ ਧਮਾਕਾਖੇਜ਼ ਸਮੱਗਰੀ ਨਕਾਰਾ ਕਰ ਦਿੱਤੀ ਗਈ ਹੈ।

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਐ

Super Visa

- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration

We do appeal for Refusal cases also

Sponsor Your Family

MacroGlobal Immigration Services Ltd.
Seema Bhayana
MEMBER ICCRC

Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public

Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters

Paramjit Singh Gill
(MBA,LL.B.)
Tel: 905-790-3636

2565 Steeles Ave E Unit #20, Brampton, ON L6T 4L6

Emergency Contact:
416.910.5676
www.shergilllawfirm.ca

# ਬੈਂਗਲੂਰੂ ’ਚ ਹੋਮਗਾਰਡ ਜਵਾਨ ਨੇ ਪਤਨੀ, ਬੇਟੀ ਤੇ ਭਤੀਜੀ ਦਾ ਕੀਤਾ ਕਤਲ

ਬੈਂਗਲੂਰੂ, 9 ਜਨਵਰੀ (ਪੋਸਟ ਬਿਊਰੋ): ਬੈਂਗਲੂਰ ਵਿਚ ਇਕ ਹੋਮ ਗਾਰਡ ਜਵਾਨ ਨੇ ਬੁਧਵਾਰ ਨੂੰ ਜਲਹੱਲੀ ਕਰਾਸ ’ਤੇ ਅਪਣੀ ਪਤਨੀ, ਬੇਟੀ ਅਤੇ ਭਤੀਜੀ ਦਾ ਕਤਲ ਕਰ ਦਿੱਤਾ। ਪੁਲਿਸ ਨੇ ਇਹ ਜਾਣਕਾਰੀ ਦਿਤੀ। ਪੁਲਿਸ ਮੁਤਾਬਕ ਹੇਬਾਗੋਡੀ ਥਾਣੇ ਨਾਲ ਜੁੜੇ ਹੋਮਗਾਰਡ ਗੰਗਾਰਾਜੂ (42) ਨੇ ਕਥਿਤ ਤੌਰ ’ਤੇ ਅਪਣੀ ਪਤਨੀ ਭਾਗਿਆ (36), ਬੇਟੀ ਨਵਿਆ (19) ਅਤੇ ਭਤੀਜੀ ਹੇਮਾਵਤੀ (23) ਨੂੰ ਕੁੱਟ-ਕੁੱਟ ਕੇ ਮੌਤ ਦੇ ਘਾਟ ਉਤਾਰ ਦਿਤਾ।



ਬੈਂਗਲੂਰੂ ਪੂਰਬੀ ਪੁਲਿਸ ਦੇ ਵਧੀਕ ਕਮਿਸ਼ਨਰ ਵਿਕਾਸ ਕੁਮਾਰ ਨੇ ਪੱਤਰਕਾਰਾਂ ਨੂੰ ਦਸਿਆ, “ਸੂਚਨਾ ਮਿਲਣ ’ਤੇ, ਸਾਡੀ ਗਸ਼ਤੀ ਟੀਮ ਤੁਰਤ ਮੌਕੇ ’ਤੇ ਪਹੁੰਚੀ ਤਾਂ ਤਿੰਨੋਂ ਔਰਤਾਂ ਨੂੰ ਮ੍ਰਿਤਕ ਪਾਇਆ, ਜਿਨ੍ਹਾਂ ਦੇ ਸਰੀਰ ’ਤੇ ਤੇਜ਼ਧਾਰ ਹਥਿਆਰਾਂ ਦੇ ਨਿਸ਼ਾਨ ਸਨ। ਅਸੀਂ ਹੋਮ ਗਾਰਡ ਵਜੋਂ ਕੰਮ ਕਰਨ ਵਾਲੇ ਗੰਗਾਰਾਜੂ ਨੂੰ ਮੌਕੇ ਤੋਂ ਗ੍ਰਿਫ਼ਤਾਰ ਕਰ ਲਿਆ।”

ਕੁਮਾਰ ਨੇ ਦੱਸਿਆ ਕਿ ਅਪਰਾਧ ਤੋਂ ਬਾਅਦ ਗੰਗਾਰਾਜੂ ਨੇ ਹਥਿਆਰਾਂ ਸਮੇਤ ਪੁਲਿਸ ਅੱਗੇ ਆਤਮ ਸਮਰਪਣ ਕਰ ਦਿਤਾ ਸੀ। ਉਨ੍ਹਾਂ ਦਸਿਆ ਕਿ ਪਿੱਛੇ ਦਾ ਕਾਰਨ ਅਜੇ ਸਪੱਸ਼ਟ ਨਹੀਂ ਹੋ ਸਕਿਆ ਹੈ ਅਤੇ ਅਗਲੇਰੀ ਜਾਂਚ ਤੋਂ ਬਾਅਦ ਹੀ ਪਤਾ ਲਗਾਇਆ ਜਾਵੇਗਾ।

ਮਕਾਨ ਮਾਲਕ (ਜਿੱਥੇ ਗੰਗਾਰਾਜੂ ਦਾ ਪਰਵਾਰ ਪਿਛਲੇ ਪੰਜ ਸਾਲਾਂ ਤੋਂ ਕਿਰਾਏਦਾਰਾਂ ਵਜੋਂ ਰਹਿ ਰਿਹਾ ਸੀ) ਨੇ ਦਸਿਆ ਕਿ ਪਹਿਲਾਂ ਵੀ ਲੜਾਈ ਹੋਈ ਸੀ। ਪੁਲਿਸ ਨੇ ਦਸਿਆ ਕਿ ਮਕਾਨ ਮਾਲਕ ਨੂੰ ਸ਼ੱਕ ਹੈ ਕਿ ਘਟਨਾ ਦੇ ਸਮੇਂ ਗੰਗਾਰਾਜੂ ਨੇ ਸ਼ਰਾਬ ਪੀਤੀ ਹੋਈ ਸੀ।

# ਪੰਜਾਬ ਪੁਲਿਸ ਵੱਲੋਂ ਦੁਬਈ ਤੋਂ ਚਲਾਏ ਜਾ ਰਹੇ ਪਾਕਿਸਤਾਨ ਅਧਾਰਤ ਹਥਿਆਰਾਂ ਦੀ ਤਸਕਰੀ ਦੇ ਰੈਕੇਟ ਦਾ ਪਰਦਾਫਾਸ਼, ਤਿੰਨ ਪਿਸਤੌਲਾਂ ਸਣੇ ਇੱਕ ਵਿਅਕਤੀ ਕਾਬੂ

### ਭਗੌੜਾ ਤਸਕਰ ਮਨਜੋਤ ਸਿੰਘ ਪਾਕਿਸਤਾਨ ਅਧਾਰਤ ਤਸਕਰਾਂ ਦੇ ਸੰਪਰਕ ਵਿੱਚ ਸੀ ਅਤੇ ਦੁਬਈ ਤੋਂ ਇਸ ਮਾਡਿਊਲ ਨੂੰ ਚਲਾ ਰਿਹਾ ਸੀ : ਡੀਜੀਪੀ ਗੌਰਵ ਯਾਦਵ

ਚੰਡੀਗੜ੍ਹ, 9 ਜਨਵਰੀ (ਪੋਸਟ ਬਿਊਰੋ): ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ ਹਥਿਆਰਾਂ ਦੀ ਤਸਕਰੀ ਵਿੱਚ ਸ਼ਾਮਲ ਇੱਕ ਵਿਅਕਤੀ ਨੂੰ ਗ੍ਰਿਫਤਾਰ ਕਰਕੇ ਦੁਬਈ ਅਧਾਰਤ ਭਗੌੜੇ ਤਸਕਰ ਮਨਜੋਤ ਸਿੰਘ ਉਰਫ਼ ਮੰਨੂ ਵੱਲੋਂ ਚਲਾਏ ਜਾ ਰਹੇ ਅਤੇ ਪਾਕਿਸਤਾਨ ਤੋਂ ਹਮਾਇਤ ਪ੍ਰਾਪਤ ਹਥਿਆਰਾਂ ਦੀ ਤਸਕਰੀ ਦੇ ਰੈਕੇਟ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਉਹਨਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਦੀ ਪਛਾਣ ਗੁਰਪ੍ਰੀਤ ਸਿੰਘ ਉਰਫ਼ ਕਾਕਾ ਵਜੋਂ ਹੋਈ ਹੈ, ਜੋ ਕਿ ਤਰਨਤਾਰਨ ਦੇ ਪਿੰਡ ਹਵੇਲੀਆਂ ਦਾ ਰਹਿਣ ਵਾਲਾ ਹੈ ਅਤੇ ਇਸ ਵੇਲੇ ਅੰਮ੍ਰਿਤਸਰ ਦਿਹਾਤੀ ਦੇ ਪਿੰਡ ਸੈਦਪੁਰ ਵਿਖੇ ਰਹਿ ਰਿਹਾ ਹੈ। ਪੁਲਿਸ ਟੀਮਾਂ ਨੇ ਉਸ ਦੇ ਕਬਜ਼ੇ ‘ਚੋਂ ਤਿੰਨ ਆਧੁਨਿਕ ਪਿਸਤੌਲ, ਜਿਨ੍ਹਾਂ ਵਿੱਚ 9 ਐਮਐਮ ਦੇ ਦੋ ਗਲੌਕ ਅਤੇ ਇੱਕ .30 ਬੋਰ ਚੀਨੀ ਪਿਸਤੌਲ ਸ਼ਾਮਲ ਹੈ, ਸਮੇਤ 4 ਜਿੰਦਾ ਕਾਰਤੂਸ ਬਰਾਮਦ ਕੀਤੇ ਹਨ। ਇਸ ਤੋਂ ਇਲਾਵਾ ਉਸਦੇ ਗ੍ਰੇਅ ਰੰਗ ਦੀ ਹੌਂਡਾ ਐਕਟਿਵਾ ਸਕੂਟਰ (ਪੀ.ਬੀ.02ਈ.ਐਫ.2599), ਜਿਸ 'ਤੇ ਉਹ ਜਾ ਰਿਹਾ ਸੀ, ਨੂੰ ਵੀ ਜ਼ਬਤ ਕਰ ਲਿਆ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਪੁਲਿਸ ਨੂੰ ਇਹ ਭਰੋਸੇਯੋਗ ਜਾਣਕਾਰੀ ਮਿਲਣ ਕਿ ਇੱਕ ਵਿਦੇਸ਼ੀ ਮੂਲ ਦਾ ਭਾਰਤੀ ਵਿਅਕਤੀ ਮਨਜੋਤ ਸਿੰਘ ਉਰਫ਼ ਮੰਨੂ ਆਪਣੇ ਭਾਰਤ ਸਥਿਤ ਸਾਥੀਆਂ ਦੀ ਮਦਦ ਨਾਲ ਪਾਕਿਸਤਾਨ ਰਾਹੀਂ ਹਥਿਆਰਾਂ ਦੀ ਤਸਕਰੀ ਦਾ ਰੈਕੇਟ ਚਲਾ ਰਿਹਾ ਹੈ, ਸੀਆਈ ਅੰਮ੍ਰਿਤਸਰ ਦੀ ਟੀਮ ਨੇ ਕਾਰਵਾਈ ਸ਼ੁਰੂ ਕੀਤੀ ਅਤੇ ਦੋਸ਼ੀ ਗੁਰਪ੍ਰੀਤ ਸਿੰਘ ਨੂੰ ਪਿੰਡ ਰਾਮ ਤੀਰਥ ਤੋਂ ਪਿੰਡ ਖੁਰਮਣੀਆਂ ਅੰਮ੍ਰਿਤਸਰ ਨੂੰ ਜਾਂਦੀ ਲਿੰਕ ਰੋਡ 'ਤੇ ਵਿਖੇ ਵਿਸ਼ੇਸ਼ ਨਾਕਾ ਲਗਾ ਕੇ ਉਸ ਸਮੇਂ ਗ੍ਰਿਫਤਾਰ ਕਰ ਲਿਆ, ਜਦੋਂ ਉਹ ਹਥਿਆਰਾਂ ਦੀ ਖੇਪ ਪਹੁੰਚਾਉਣ ਜਾ ਰਿਹਾ ਸੀ।

ਉਨ੍ਹਾਂ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮਨਜੋਤ ਸਿੰਘ ਇਸ ਨੈੱਟਵਰਕ ਦਾ ਮੁੱਖ ਸਰਗਨਾ




ਹੈ ਜੋ ਪਾਕਿਸਤਾਨ ਅਧਾਰਤ ਤਸਕਰਾਂ ਨਾਲ ਸੰਪਰਕ ਕਰਨ ਲਈ ਐਨਕ੍ਰਿਪਟਡ ਐਪਸ ਦੀ ਵਰਤੋਂ ਕਰ ਰਿਹਾ ਸੀ। ਉਨ੍ਹਾਂ ਅੱਗੇ ਕਿਹਾ ਕਿ ਗ੍ਰਿਫ਼ਤਾਰ ਮੁਲਜ਼ਮ ਸਰਹੱਦ ਪਾਰੋਂ ਡਰੋਨ ਦੀ ਵਰਤੋਂ ਕਰਕੇ ਸੁੱਟੇ ਗਏ ਹਥਿਆਰਾਂ ਦੀ ਖੇਪ ਨੂੰ ਪ੍ਰਾਪਤ ਕਰਕੇ ਮੁਲਜ਼ਮ ਮਨਜੋਤ ਦੇ ਨਿਰਦੇਸ਼ਾਂ 'ਤੇ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਗੈਂਗਸਟਰਾਂ ਨੂੰ ਸਪਲਾਈ ਕਰਦਾ ਸੀ।


ਜ਼ਿਕਰਯੋਗ ਹੈ ਕਿ ਦੋਸ਼ੀ ਮਨਜੋਤ 2022 ਵਿੱਚ ਤਰਨਤਾਰਨ ਦੇ ਪੁਲਿਸ ਸਟੇਸ਼ਨ ਸਰਾਏ ਅਮਾਨਤ ਖਾਨ ਵਿਖੇ ਦਰਜ ਕੀਤੇ ਗਏ ਐਨਡੀਪੀਐਸ ਮਾਮਲੇ ਵਿੱਚ ਪੰਜਾਬ ਪੁਲਿਸ ਨੂੰ ਲੋੜੀਂਦਾ ਹੈ। ਇਸ ਤੋਂ ਇਲਾਵਾ ਗ੍ਰਿਫਤਾਰ ਦੋਸ਼ੀ ਗੁਰਪ੍ਰੀਤ ਸਿੰਘ ਵੀ ਪੁਲਿਸ ਸਟੇਸ਼ਨ ਸਰਾਏ ਅਮਾਨਤ ਖਾਨ ਵਿਖੇ ਐਨਡੀਪੀਐਸ ਐਕਟ ਤਹਿਤ ਅਪਰਾਧਿਕ ਮਾਮਲੇ ਦਾ ਸਾਹਮਣਾ ਕਰ ਰਿਹਾ ਹੈ।

ਡੀਜੀਪੀ ਨੇ ਕਿਹਾ ਕਿ ਪੁਲਿਸ ਟੀਮਾਂ ਨੇ ਉਸਦੇ ਸਾਥੀ ਦੀ ਵੀ ਪਛਾਣ ਕਰ ਲਈ ਹੈ ਅਤੇ ਉਸਨੂੰ ਫੜਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਮਾਮਲੇ ਦੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਹੈ।

ਜ਼ਿਕਰਯੋਗ ਹੈ ਕਿ ਇਸ ਸਬੰਧੀ ਥਾਣਾ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ), ਅੰਮ੍ਰਿਤਸਰ ਵਿਖੇ ਅਸਲਾ ਐਕਟ ਦੀ ਧਾਰਾ 25 ਅਤੇ 25(1) (ਏ) ਅਤੇ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਐਕਟ ਦੀ ਧਾਰਾ 61(2) ਤਹਿਤ ਐਫਆਈਆਰ ਨੰਬਰ 1 ਮਿਤੀ 08.01.2025 ਦਰਜ ਕੀਤੀ ਗਈ ਹੈ।

## ਜੀਐੱਸਟੀ ਬਾਰੇ ਖੜਗੇ ਨੇ ਕਿਹਾ- ਗ਼ਰੀਬਾਂ ਤੇ ਮੱਧ ਵਰਗ ਦੀ ਮਿਹਨਤ ਦੀ ਕਮਾਈ ਲੁੱਟਣ ਦਾ ਸਾਧਨ

ਨਵੀਂ ਦਿੱਲੀ, 9 ਜਨਵਰੀ (ਪੋਸਟ ਬਿਊਰੋ): ਕਾਂਗਰਸ ਨੇ ਵਸਤੂ ਤੇ ਸੇਵਾ ਕਰ (ਜੀਐੱਸਟੀ) ਨੂੰ ‘ਗ੍ਰਹਿਸਥੀ ਸਤਿਆਨਾਸ਼ ਟੈਕਸ’ ਕਰਾਰ ਦਿੰਦਿਆਂ ਅੱਜ ਦੋਸ਼ ਲਾਇਆ ਕਿ ਮੋਦੀ ਸਰਕਾਰ ਨੇ ਜੀਐੱਸਟੀ ਨੂੰ ਗ਼ਰੀਬ ਅਤੇ ਮੱਧ ਵਰਗ ਦੀ ਮਿਹਨਤ ਦੀ ਕਮਾਈ ਨੂੰ ਲੁੱਟਣ ਦਾ ਸਾਧਨ ਬਣਾ ਦਿੱਤਾ ਹੈ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਕਿਹਾ ਕਿ ਸਰਕਾਰ ਨੂੰ ਅਗਲੇ ਮਹੀਨੇ ਪੇਸ਼ ਹੋਣ ਵਾਲੇ ਕੇਂਦਰੀ ਬਜਟ ਵਿੱਚ ‘ਕਰ ਦੀ ਦਹਿਸ਼ਤ’ ਅਤੇ ‘ਲੋਕਾਂ ਦੀ ਲੁੱਟ’ ਉੱਤੇ ਰੋਕ ਲਾਉਣੀ ਚਾਹੀਦੀ ਹੈ। ਉਧਰ, ਭਾਜਪਾ ਦੇ ਕੌਮੀ ਬੁਲਾਰੇ ਸਈਦ ਜ਼ਫ਼ਰ ਇਸਲਾਮ ਨੇ ਕਾਂਗਰਸ ’ਤੇ ਜੀਐੱਸਟੀ ਖ਼ਿਲਾਫ਼ ਕੂੜ-ਪ੍ਰਚਾਰ ਫੈਲਾਉਣ ਦਾ ਦੋਸ਼ ਲਾਇਆ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਅਸਿੱਧੇ ਟੈਕਸ ਪ੍ਰਣਾਲੀ ਦੀ ‘ਸਫਲਤਾ ਤੋਂ ਹੈਰਾਨ’ ਹੈ। ਉਨ੍ਹਾਂ ਕਿਹਾ, “ਕਾਂਗਰਸ ਦੇਸ਼ ਦੇ ਵਿਕਾਸ ਵਿੱਚ ਸਭ ਤੋਂ ਵੱਡੀ ਰੁਕਾਵਟ ਹੈ।” ਕਾਂਗਰਸ ਦੇ 12 ਆਗੂਆਂ ਨੇ ਅੱਜ ‘ਜੀਐੱਸਟੀ ਦਾ ਦੁਖਾਂਤ’ ਵਿਸ਼ੇ ’ਤੇ ਦੇਸ਼ ਦੇ



12 ਵੱਖ-ਵੱਖ ਸ਼ਹਿਰਾਂ ਵਿੱਚ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕੀਤਾ ਹੈ। ਖੜਗੇ ਨੇ ‘ਐਕਸ’ ’ਤੇ ਲਿਖਿਆ ਕਿ ਗੱਬਰ ਸਿੰਘ ਟੈਕਸ ਕਹੋ ਜਾਂ ਗ੍ਰਹਿਸਥੀ ਸੱਤਿਆਨਾਸ਼ ਟੈਕਸ ਜਾਂ ਫਿਰ ਗਿਵ ਸੀਤਾਰਮਨ ਟੈਕਸ। ਭਾਜਪਾ ਦੇ ਜੀਐੱਸਟੀ ਨੂੰ ਅਸੀਂ ਕੋਈ ਵੀ ਨਾਂ ਦੇ ਲਈਏ, ਇੱਕ ਗੱਲ ਪੱਕੀ ਹੈ ਕਿ ਮੋਦੀ ਸਰਕਾਰ ਨੇ ਇਸ ਨੂੰ ਗ਼ਰੀਬਾਂ ਅਤੇ ਮੱਧ ਵਰਗ ਨੂੰ ਲੁੱਟਣ ਦਾ ਸਾਧਨ ਬਣਾ ਦਿੱਤਾ ਹੈ। ਕਾਂਗਰਸ ਜਨਰਲ ਸਕੱਤਰ ਪ੍ਰਿਯੰਕਾ ਗਾਂਧੀ ਨੇ ਕਿਹਾ ਕਿ ਆਮ ਲੋਕਾਂ ਲਈ ਜੀਐੱਸਟੀ ਦਾ ਮਤਲਬ ‘ਗ੍ਰਹਿਸਥੀ ਸੱਤਿਆਨਾਸ਼ ਟੈਕਸ’ ਬਣ ਗਿਆ ਹੈ।

# 50000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਸਹਾਇਕ ਟਾਊਨ ਪਲਾਨਰ ਤੇ ਆਰਕੀਟੈਕਟ ਵਿਜੀਲੈਂਸ ਬਿਊਰੋ ਵੱਲੋਂ ਕਾਬੂ

ਚੰਡੀਗੜ੍ਹ, 9 ਜਨਵਰੀ (ਪੋਸਟ ਬਿਊਰੋ): ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਨਗਰ ਨਿਗਮ ਪਟਿਆਲਾ ਦੇ ਸਹਾਇਕ ਟਾਊਨ ਪਲਾਨਰ (ਏ.ਟੀ.ਪੀ.) ਜਸਪਾਲ ਸਿੰਘ ਅਤੇ ਪਟਿਆਲਾ ਦੇ ਆਰਕੀਟੈਕਟ ਅਨੀਸ਼ ਖੰਨਾ ਨੂੰ 50,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮਾਂ ਨੂੰ ਅਸ਼ੋਕ ਕੁਮਾਰ ਵਾਸੀ ਪਾਤੜਾਂ, ਜ਼ਿਲ੍ਹਾ ਪਟਿਆਲਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਉਸ ਦੇ ਹਸਪਤਾਲ ਦੀ ਇਮਾਰਤ ਦਾ ਨਕਸ਼ਾ ਪਾਸ ਕਰਨ ਬਦਲੇ ਮੁਲਜ਼ਮ ਜਸਪਾਲ ਸਿੰਘ ਨੇ ਉਕਤ ਆਰਕੀਟੈਕਟ ਅਨੀਸ਼ ਖੰਨਾ ਜ਼ਰੀਏ 1 ਲੱਖ ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ। ਸ਼ਿਕਾਇਤਕਰਤਾ ਨੇ ਦੱਸਿਆ ਕਿ ਉਕਤ ਏ.ਟੀ.ਪੀ. ਪਹਿਲਾਂ ਹੀ ਆਰਕੀਟੈਕਟ ਰਾਹੀਂ 50,000 ਰੁਪਏ ਰਿਸ਼ਵਤ ਲੈ ਚੁੱਕਾ ਹੈ ਅਤੇ ਰਿਸ਼ਵਤ ਦੀ ਬਾਕੀ ਰਕਮ ਦੀ ਮੰਗ ਰਿਹਾ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ



ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾ ਕੇ ਮੁਲਜ਼ਮ ਆਰਕੀਟੈਕਟ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਕੋਲੋਂ ਰਿਸ਼ਵਤ ਦੀ ਦੂਜੀ ਕਿਸ਼ਤ ਵਜੋਂ 50000 ਰੁਪਏ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਤੋਂ ਬਾਅਦ ਮੁਲਜ਼ਮ ਏ.ਟੀ.ਪੀ. ਨੂੰ ਵੀ ਗ੍ਰਿਫ਼ਤਾਰ ਕਰ ਲਿਆ। ਇਸ ਸਬੰਧੀ ਦੋਵਾਂ ਮੁਲਜ਼ਮਾਂ ਖ਼ਿਲਾਫ਼ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਮੁਲਜ਼ਮਾਂ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।


PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA

416-669-1423
www.purbahomes.com

# ਐੱਮਐੱਸ.ਪੀ. ਪੇਮੈਂਟ ਫਰੌਡ: ਪੰਜਾਬ ਪੁਲਿਸ ਦੇ ਸਾਈਬਰ ਕ੍ਰਾਈਮ ਡਿਵੀਜ਼ਨ ਵੱਲੋਂ ਅਨਾਜ ਖਰੀਦ ਪੋਰਟਲ ਨਾਲ ਛੇੜਛਾੜ ਦੇ ਦੋਸ਼ ਹੇਠ ਚਾਰ ਵਿਅਕਤੀ ਗ੍ਰਿਫਤਾਰ

## ਗ੍ਰਿਫ਼ਤਾਰ ਵਿਅਕਤੀਆਂ ਨੇ ਕਿਸਾਨਾਂ ਨੂੰ ਕੀਤੀ ਗਈ ਫਸਲਾਂ ਦੀ ਅਦਾਇਗੀ ਆਪਣੇ ਬੈਂਕ ਖਾਤਿਆਂ ਵਿੱਚ ਭੇਜਣ ਲਈ ਪੋਰਟਲ ਨਾਲ ਕੀਤੀ ਸੀ ਛੇੜਛਾੜ : ਏਡੀਜੀਪੀ ਸਾਈਬਰ ਕ੍ਰਾਈਮ

ਚੰਡੀਗੜ੍ਹ, 9 ਜਨਵਰੀ (ਪੋਸਟ ਬਿਊਰੋ): ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ ‘ਤੇ ਸਾਈਬਰ ਕ੍ਰਾਈਮ ਵਿਰੁੱਧ ਜਾਰੀ ਜੰਗ ਦੌਰਾਨ, ਪੰਜਾਬ ਪੁਲਿਸ ਦੇ ਸਟੇਟ ਸਾਈਬਰ ਕ੍ਰਾਈਮ ਡਿਵੀਜ਼ਨ ਨੇ ਅਨਾਜ ਖਰੀਦ ਪੋਰਟਲ ਨਾਲ ਛੇੜਛਾੜ ਕਰਨ ਵਾਲੇ ਚਾਰ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਘੱਟੋ-ਘੱਟ ਸਮਰਥਨ ਮੁੱਲ (ਐਮਐਸਪੀ) ‘ਤੇ ਭੁਗਤਾਨ ਸਬੰਧੀ ਧੋਖਾਧੜੀ ਦਾ ਪਰਦਾਫਾਸ਼ ਕੀਤਾ ਹੈ। ਦੱਸਣਯੋਗ ਹੈ ਕਿ ਉਕਤ ਮੁਲਜ਼ਮ ਕਿਸਾਨਾਂ ਨੂੰ ਕੀਤੀ ਗਈ ਫ਼ਸਲ ਦੀ ਅਦਾਇਗੀ ਨੂੰ ਆਪਣੇ ਖਾਤਿਆਂ ਵਿੱਚ ਟਰਾਂਸਫਰ ਕਰਨ ਦੇ ਅਪਰਾਧ ਵਿੱਚ ਸ਼ਾਮਲ ਸਨ। ਇਹ ਜਾਣਕਾਰੀ ਅੱਜ ਇੱਥੇ ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ (ਏਡੀਜੀਪੀ) ਸਾਈਬਰ ਕ੍ਰਾਈਮ ਡਿਵੀਜ਼ਨ ਵੀ. ਨੀਰਜਾ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਮਨੀਸ਼, ਜਸਵੀਰ ਸਿੰਘ, ਅੰਗਰੇਜ ਸਿੰਘ ਅਤੇ ਬਲਵਿੰਦਰ ਸਿੰਘ ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਧੋਖਾਧੜੀ ਕਰਨ ਲਈ ਵਰਤੇ ਗਏ ਡਿਜੀਟਲ ਉਪਕਰਨ ਅਤੇ ਰਾਊਟਰ ਵੀ ਬਰਾਮਦ ਕਰ ਲਏ ਹਨ।

ਏਡੀਜੀਪੀ ਵੀ ਨੀਰਜਾ ਨੇ ਦੱਸਿਆ ਕਿ ਉਕਤ ਮੁਲਜ਼ਮ ਅਤਿ-ਆਧੁਨਿਕ ਢੰਗ ਤਰੀਕਿਆਂ ਦੀ ਮਦਦ ਨਾਲ ਕਿਸਾਨਾਂ ਦੇ ਮੋਬਾਈਲ ਨੰਬਰਾਂ ਨੂੰ ਆਪਣੇ ਮੋਬਾਈਲ ਨੰਬਰਾਂ ਨਾਲ ਬਦਲ ਕੇ ਕਿਸਾਨਾਂ ਦੇ ਖਾਤਿਆਂ ਵਿੱਚ ਆਉਣ ਵਾਲੀ ਫ਼ਸਲ ਦੀ ਅਦਾਇਗੀ ਨੂੰ ਧੋਖੇ ਨਾਲ ਆਪਣੇ ਖਾਤਿਆਂ ਵਿੱਚ ਟਰਾਂਸਫ਼ਰ ਕਰਦੇ ਸਨ ਅਤੇ ਫਿਰ ਕੰਮ ਹੋਣ ਉਪਰੰਤ ਕਿਸਾਨਾਂ ਦੇ ਬੈਂਕ ਖਾਤੇ ਦੀ ਜਾਣਕਾਰੀ ਨੂੰ ਅਪਡੇਟ ਕਰ ਦਿੰਦੇ ਸਨ।

ਉਨ੍ਹਾਂ ਅੱਗੇ ਦੱਸਿਆ ਕਿ ਆਪਣੇ ਇਸ ਅਪਰਾਧ ਦਾ ਪਰਦਾਫਾਸ਼ ਹੋਣ ਤੋਂ ਬਚਣ ਲਈ ਉਕਤ ਮੁਲਜ਼ਮ ਭੁਗਤਾਨ ਦੀ ਪ੍ਰਕਿਰਿਆ ਤੋਂ ਤੁਰੰਤ ਬਾਅਦ ਖਾਤੇ ਦੇ ਅਸਲ ਵੇਰਵੇ ਬਹਾਲ ਕਰ ਦਿੰਦੇ ਸਨ। ਉਨ੍ਹਾਂ ਦੱਸਿਆ ਕਿ ਘੁਟਾਲੇ ਵਿੱਚ ਸ਼ਾਮਲ ਹੋਰ ਮੁਲਜ਼ਮਾਂ ਨੂੰ ਫੜਨ ਲਈ ਸੂਬਾ ਪੱਧਰੀ ਕਾਰਵਾਈ ਕੀਤੀ ਜਾ ਰਹੀ ਹੈ।

ਜਾਣਕਾਰੀ ਅਨੁਸਾਰ ਖੁਰਾਕ ਤੇ ਸਿਵਲ ਸਪਲਾਈ ਵਿਭਾਗ, ਪੰਜਾਬ ਤੋਂ ਸ਼ਿਕਾਇਤ ਪ੍ਰਾਪਤ ਹੋਈ ਸੀ ਜਿਸ ਵਿੱਚ ਇਹ ਸਾਹ-ਮਣੇ ਆਇਆ ਕਿ ਕੁਝ ਕਿਸਾਨਾਂ ਨੂੰ ਝੋਨੇ ਦੇ ਸੀਜ਼ਨ, 2024 ਦੌਰਾਨ ਆਪਣੀਆਂ ਫਸਲਾਂ ਦੀ ਅਦਾਇਗੀ ਪ੍ਰਾਪਤ ਨਹੀਂ ਹੋਈ। ਇਸ ਮਾਮਲੇ ਦੀ ਜਾਂਚ ਤੋਂ ਪਤਾ ਲੱਗਾ ਕਿ ਇਨ੍ਹਾਂ ਕਿਸਾਨਾਂ ਨੂੰ ਕੀਤੀ ਗਈ ਅਦਾਇਗੀ ਵੱਖ-ਵੱਖ ਵਿਅਕਤੀਆਂ ਦੇ ਵੱਖ-ਵੱਖ ਬੈਂਕ ਖਾਤਿਆਂ ਵਿੱਚ ਜਮ੍ਹਾਂ ਹੋਈ ਹੈ।



ਏਡੀਜੀਪੀ ਨੇ ਕਿਹਾ ਕਿ ਮੁੱਢਲੀ ਜਾਂਚ ਦੌਰਾਨ ਆਈਪੀ ਰਿਕਾਰਡ ਅਤੇ ਹੋਰ ਡੇਟਾ ਅਤੇ ਬੈਂਕ ਖਾਤਿਆਂ ਸਬੰਧੀ ਜਾਣਕਾਰੀ ਨੂੰ ਖੰਗਾਲਿਆ ਗਿਆ, ਜਿਸ ਵਿੱਚ ਅਨਾਜ ਖਰੀਦ ਪੋਰਟਲ ਤੱਕ ਅਣਅਧਿਕਾਰਤ ਪਹੁੰਚ ਅਤੇ ਧੋਖਾਧੜੀ ਨਾਲ ਵੱਖ-ਵੱਖ ਖਾਤਿਆਂ ਵਿੱਚ ਫ਼ਸਲਾਂ ਦੀ ਅਦਾਇਗੀ ਟਰਾਂਸਫਰ ਕੀਤੇ ਜਾਣ ਬਾਰੇ ਖੁਲਾਸਾ ਹੋਇਆ।

ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਕਿ ਜ਼ਿਲ੍ਹਾ ਐਸਏਐਸ ਨਗਰ ਤੋਂ ਫਰਜ਼ੀ ਪਛਾਣ ‘ਤੇ ਇੱਕ ਮੋਬਾਈਲ ਨੰਬਰ ਅਤੇ ਇੱਕ ਮੋਬਾਈਲ ਉਪਕਰਨ ਖਰੀਦਿਆ ਗਿਆ ਸੀ, ਜਿਸਦੀ ਵਰਤੋਂ ਅਨਾਜ ਖਰੀਦ ਪੋਰਟਲ 'ਤੇ ਕਿਸਾਨਾਂ ਦੇ ਬੈਂਕ ਖਾਤਿਆਂ ਨਾਲ ਛੇੜਛਾੜ ਕਰਨ ਵਾਸਤੇ ਓਟੀਪੀ ਪ੍ਰਾਪਤ ਕਰਨ ਲਈ ਕੀਤੀ ਗਈ ਸੀ ਅਤੇ ਇਹ ਗਿਰੋਹ ਸ੍ਰੀ ਮੁਕਤਸਰ ਸਾਹਿਬ ਦੇ ਦੂਰ-ਦੁਰਾਡੇ ਇਲਾਕਿਆਂ ਤੋਂ ਆਪਣਾ ਕੰਮ ਚਲਾ ਰਿਹਾ ਸੀ। ਉਨ੍ਹਾਂ ਕਿਹਾ ਕਿ ਇਸ ਪੋਰਟਲ ਤੱਕ ਅਣਅਧਿਕਾਰਤ ਪਹੁੰਚ ਕਰਨ ਅਤੇ ਕਿਸਾਨਾਂ ਦੇ ਬੈਂਕ ਰਿਕਾਰਡ ਨੂੰ ਬਦਲਣ ਦੇ ਉਦੇਸ਼ ਨਾਲ ਮੁਲਜ਼ਮਾਂ ਨੇ ਇੰਟਰਨੈਟ ਕਨੈਕਸ਼ਨ ਵੀ ਲਿਆ ਹੋਇਆ ਸੀ।

ਏਡੀਜੀਪੀ ਵੀ ਨੀਰਜਾ ਨੇ ਕਿਹਾ ਕਿ ਇੰਸਪੈਕਟਰ ਜੁਝਾਰ ਸਿੰਘ, ਇੰਸਪੈਕਟਰ ਦੀਪਕ ਭਾਟੀਆ ਅਤੇ ਐਸਆਈ ਰਣਜੀਤ ਦੀ ਅਗਵਾਈ ਵਾਲੀਆਂ ਸਾਈਬਰ ਕ੍ਰਾਈਮ ਡਿਵੀਜ਼ਨ ਦੀਆਂ ਤਿੰਨ ਟੀਮਾਂ ਨੇ ਮੁਲਜ਼ਮਾਂ ਦਾ ਪਤਾ ਲਗਾਉਣ ਲਈ ਵੱਖ-ਵੱਖ ਓਐਸਆਈਐਨਟੀ ਤਕਨੀਕਾਂ ਦੀ ਵਰਤੋਂ ਕੀਤੀ, ਜਿਸ ਦੇ ਆਧਾਰ ‘ਤੇ ਜ਼ਿਲ੍ਹਾ ਮੋਗਾ ਅਤੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਖੇਤਰਾਂ ਤੋਂ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।

ਉਨ੍ਹਾਂ ਕਿਹਾ ਕਿ ਹੋਰਨਾਂ ਵਿਅਕਤੀਆਂ ਦੀ ਸ਼ਮੂਲੀਅਤ ਬਾਰੇ ਪਤਾ ਲਗਾਉਣ ਲੱ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਇਸ ਮਾਮਲੇ ਵਿੱਚ ਮੰਡੀ ਬੋਰਡ ਜਾਂ ਖੁਰਾਕ ਸਪਲਾਈ ਵਿਭਾਗ ਦੇ ਕਿਸੇ ਵੀ ਮੁਲਾਜ਼ਮ ਅਤੇ ਆੜਤੀਆਂ ਦੀ ਮਿਲੀਭੁਗਤ ਨੂੰ ਰੱਦ ਨਾ ਕਰਦਿਆਂ ਕਿਹਾ ਕਿ ਇਹ ਹੋ ਸਕਦਾ ਹੈ ਕਿ ਮੁਲਾਜ਼ਮਾਂ ਵੱਲੋਂ ਘੁਟਾਲੇ ਦੇ ਮਾਸਟਰਮਾਈਂਡਾਂ ਨਾਲ ਅਨਾਜ ਖਰੀਦ ਪੋਰਟਲ ਬਾਰੇ ਸੰਵੇਦਨਸ਼ੀਲ ਅਤੇ ਤਕਨੀਕੀ ਖਾਮੀਆਂ ਦੀ ਜਾਣਕਾਰੀ ਸਾਂਝੀ ਕੀਤੀ ਗਈ ਹੋਵੇ। ਉਨ੍ਹਾਂ ਅੱਗੇ ਕਿਹਾ ਕਿ ਇਸ ਮਾਮਲੇ ਦੇ ਬਾਕੀ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

ਇਸ ਸਬੰਧੀ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਦੀ ਧਾਰਾ 318(4), 336(2), 336(3), 338 340(2) ਅਤੇ 61(2) ਅਤੇ ਆਈਟੀ ਐਕਟ ਦੀ ਧਾਰਾ 66ਸੀ ਅਤੇ 66ਡੀ ਤਹਿਤ ਥਾਣਾ ਸਟੇਟ ਸਾਈਬਰ ਕ੍ਰਾਈਮ, ਪੰਜਾਬ ਵਿਖੇ ਐਫਆਈਆਰ ਦਰਜ ਕੀਤੀ ਗਈ ਹੈ।

TechSpirit
Consultation, Installation & Servicing
Specialized in:
• Analog & IP security cameras • Installation & Maintenance, Upgrade • Video Doorbell Installation
Call: 905-621-4100
7-8770 The Gore Road, Brampton, ON L6P 0B1
1080p HD ਦੇ 4 ਸਿਕਉਰਟੀ ਕੈਮਰੇ ਸਿਰਫ $999 ਵਿੱਚ ਲਗਵਾਓ

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Well Settled Ramgarhia Family in Winnipeg looking for a suitable match for their son,34 years old,5-10"tall, cleanshave, Canadian Citizen. Call at 204-510-7658 for more info.

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ ’ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

ਸੈਲ ਐਂਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਜਲਵਾਯੂ ਤਬਦੀਲੀ ਕਾਰਨ ਖੇਤੀ ਨੂੰ ਖ਼ਤਰਾ



–ਵਿਜੈ ਗਰਗ–

ਭਾਰਤ ਵਿੱਚ ਹੀ ਨਹੀਂ, ਪੂਰੀ ਦੁਨੀਆ ਵਿੱਚ ਜਲਵਾਯੂ ਸੰਕਟ ਖੇਤੀ ਨੂੰ ਪ੍ਰਭਾਵਿਤ ਕਰ ਰਿਹਾ ਹੈ। ਪਿਛਲੇ ਇੱਕ ਦਹਾਕੇ ਵਿੱਚ ਅੱਤ ਦੀ ਠੰਢ, ਗਰਮੀ ਦੀ ਲਹਿਰ, ਬਹੁਤ ਜ਼ਿਆਦਾ ਮੀਂਹ, ਹੜ੍ਹ, ਤੂਫ਼ਾਨ ਅਤੇ ਬੱਦਲ ਫਟਣ ਦੀਆਂ ਘਟਨਾਵਾਂ ਕਾਰਨ ਜਾਨ-ਮਾਲ ਦਾ ਨੁਕਸਾਨ ਹੋਇਆ ਹੈ। ਕਰੋੜਾਂ ਹੈਕਟੇਅਰ ਵਿੱਚ ਖੜ੍ਹੀਆਂ ਫਸਲਾਂ ਤਬਾਹ ਹੋ ਗਈਆਂ। ਅੱਗ ਲੱਗਣ ਕਾਰਨ ਹੋਏ ਅਰਬਾਂ ਰੁਪਏ ਦੇ ਨੁਕਸਾਨ ਦਾ ਕੋਈ ਹਿਸਾਬ ਨਹੀਂ ਹੈ। ਸਵਾਲ ਇਹ ਹੈ ਕਿ ਜਲਵਾਯੂ ਸੰਕਟ ਦੇ ਦੌਰ ਵਿੱਚ ਅਜਿਹੀਆਂ ਕੁਦਰਤੀ ਆਫ਼ਤਾਂ ਕਾਰਨ ਹੋਣ ਵਾਲੇ ਜਾਨੀ, ਮਾਲੀ ਅਤੇ ਖੇਤੀਬਾੜੀ ਅਤੇ ਬਾਗਬਾਨੀ ਦੇ ਨੁਕਸਾਨ ਲਈ ਕੌਣ ਜ਼ਿੰਮੇਵਾਰ ਹੈ? ਭਾਰਤ ਵਿੱਚ ਕੇਂਦਰ ਅਤੇ ਰਾਜ ਸਰਕਾਰਾਂ ਇਸ ਨੂੰ ਪਸੰਦ ਕਰਦੀਆਂ ਹਨਸਰਕਾਰ ਕਿਸਾਨਾਂ ਲਈ ਰਾਹਤ ਦਾ ਪੁਲੰਦਾ ਤਾਂ ਖੋਲ੍ਹ ਦਿੰਦੀ ਹੈ, ਪਰ ਇਸ ਦਾ ਲਾਭ ਕਿੰਨੇ ਪ੍ਰਭਾਵਿਤ ਕਿਸਾਨਾਂ ਤੱਕ ਪਹੁੰਚਦਾ ਹੈ, ਇਹ ਦੱਸਣ ਦੀ ਲੋੜ ਨਹੀਂ। ਕਿਸ ਕਾਰਨ ਨਹੀਂ? ਪਹੁੰਚਣਾ, ਪਹੁੰਚਣਾ, ਪਹੁੰਚਣਾ, ਇਹ ਵੀ ਹਰ ਕੋਈ ਜਾਣਦਾ ਹੈ। ਸਵਾਲ ਇਹ ਹੈ ਕਿ ਅਨਾਜ, ਸਬਜ਼ੀਆਂ ਅਤੇ ਫਲ ਪੈਦਾ ਕਰਨ ਵਾਲੇ ਕਿਸਾਨ ਦੀ ਹਾਲਤ ਕਦੋਂ ਤੱਕ ਇਸ ਤਰ੍ਹਾਂ ਦੀ ਬਣੀ ਰਹੇਗੀ? ਕੀ ਸਰਕਾਰੀ ਰਾਹਤ ਕਿਸਾਨਾਂ ਨੂੰ ਉਨ੍ਹਾਂ ਦੇ ਨੁਕਸਾਨ ਦੀ ਪੂਰੀ ਮੁਆਵਜ਼ਾ ਦੇ ਸਕਦੀ ਹੈ? ਭਾਰਤ ਸਮੇਤ ਦੁਨੀਆ ਭਰ ਦੇ ਕਿਸਾਨ ਕੁਦਰਤੀ ਆਫ਼ਤਾਂ ਅਤੇ ਹੋਰ ਕਈ ਸਮੱਸਿਆਵਾਂ ਦਾ ਸਾਹਮਣਾ ਕਰਦੇ ਰਹਿੰਦੇ ਹਨ, ਪਰ ਖੇਤੀ ਤੋਂ ਮੂੰਹ ਨਹੀਂ ਮੋੜਦੇ। ਇਹ ਵੀ ਸੱਚ ਹੈ ਕਿ ਸਕਰੋੜਾਂ ਲੋਕ ਖੇਤੀ ਦੇ ਕੰਮਾਂ ਤੋਂ ਦੂਰੀ ਬਣਾ ਰਹੇ ਹਨ। ਇਸ ਦਾ ਕਾਰਨ ਇਹ ਹੈ ਕਿ ਖੇਤੀ ਨੂੰ ਘਾਟਾ ਪੈ ਰਿਹਾ ਹੈ ਅਤੇ ਵਧਦੀਆਂ ਕੁਦਰਤੀ ਆਫ਼ਤਾਂ ਕਾਰਨ ਹਰ ਸਾਲ 10.2 ਲੱਖ ਕਰੋੜ ਰੁਪਏ ਦਾ ਨੁਕਸਾਨ ਹੁੰਦਾ ਰਹਿੰਦਾ ਹੈ।

ਫੂਡ ਐਂਡ ਐਗਰੀਕਲਚਰ ਆਰਗੇਨਾਈਜ਼ੇਸ਼ਨ (ਐੱਫ.ਏ.ਓ.) ਦੀ ਰਿਪੋਰਟ ਮੁਤਾਬਕ ਦੁਨੀਆ ਭਰ ਦੇ ਕਿਸਾਨ ਹਰ ਸਾਲ ਕੁਦਰਤੀ ਆਫ਼ਤਾਂ ਕਾਰਨ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੇ ਹਨ। ਇਸ ਨਾਲ ਕਿਸਾਨ ਬਰਬਾਦੀ ਦੇ ਕੰਢੇ ਖੜ੍ਹਾ ਹੈ। 'ਮਜ਼ਬੂਰ' ਖੜ੍ਹੇ ਹੋਣ ਲਈ। ਰਿਪੋਰਟ ਵਿਚ ਕਿਹਾ ਗਿਆ ਹੈ ਕਿ ਕਿਸਾਨਾਂ 'ਤੇ ਪ੍ਰਭਾਵ ਵਿਸ਼ਵ ਪੱਧਰ 'ਤੇ ਖੇਤੀਬਾੜੀ ਸੈਕਟਰ ਦੇ ਸਾਲਾਨਾ ਕੁੱਲ ਘਰੇਲੂ ਉਤਪਾਦ ਦਾ ਲਗਭਗ ਪੰਜ ਪ੍ਰਤੀਸ਼ਤ ਹੈ। ਵਰਨਣਯੋਗ ਹੈ ਕਿ ਪਿਛਲੇ ਪੰਜ ਸਾਲਾਂ ਵਿੱਚ ਕੁਦਰਤੀ ਆਫ਼ਤਾਂ ਦੀਆਂ ਘਟਨਾਵਾਂ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ। ਅਜਿਹੇ ਕਿਸਾਨ ਆਉਣ ਵਾਲੇ ਸਾਲਾਂ ਵਿੱਚ ਸ. ਵਧੇਰੇ ਵਿੱਤੀ: ਤੁਹਾਨੂੰ ਨੁਕਸਾਨ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਇਸ ਦੀ ਭਰਪਾਈ ਕੌਣ ਕਰੇਗਾ? .. ਵਿਸ਼ਵ ਪੱਧਰ 'ਤੇ ਖੇਤੀ ਖੇਤਰ ਵਿੱਚ ਦਿਲਚਸਪੀ ਘੱਟ ਰਹੀ ਹੈ। ਦੇ ਅੰਕੜਿਆਂ ਅਨੁਸਾਰ ਜਿੱਥੇ ਸਾਲ 2000 ਵਿੱਚ ਲਗਭਗ 102.7 ਕਰੋੜ ਲੋਕ ਯਾਨੀ ਗਲੋਬਲ ਸੀ. 'ਲਗਭਗ 40 1 ਪ੍ਰਤੀਸ਼ਤ ਕਿਰਤ ਸ਼ਕਤੀ ਖੇਤੀਬਾੜੀ ਨਾਲ ਜੁੜੀ ਹੋਈ ਸੀ, ਜੋ 2021 ਤੱਕ ਘਟ ਕੇ ਸਿਰਫ 27 ਪ੍ਰਤੀਸ਼ਤ ਰਹਿ ਗਈ ਹੈ। ਭਾਵ ਹੁਣ 87.3 ਕਰੋੜ ਲੋਕ ਆਪਣੀ ਰੋਜ਼ੀ-ਰੋਟੀ ਲਈ ਖੇਤੀ 'ਤੇ ਨਿਰਭਰ ਹਨ। ਜਿਸ ਰਫ਼ਤਾਰ ਨਾਲ ਭਾਰਤ ਵਿੱਚ ਲੋਕ ਖੇਤੀ ਕਰ ਰਹੇ ਹਨਬਾਗਬਾਨੀ 'ਤੇ ਨਿਰਭਰਤਾ ਘਟਦੀ ਜਾ ਰਹੀ ਹੈ, ਜੋ ਕਿ ਸਾਡੇ ਖੇਤੀ ਪ੍ਰਧਾਨ ਦੇਸ਼ ਲਈ ਵੱਡੀ ਚਿੰਤਾ ਦਾ ਵਿਸ਼ਾ ਹੈ। ਕੇਂਦਰ ਅਤੇ ਸੂਬਾ ਸਰਕਾਰਾਂ ਨੂੰ ਚਾਹੀਦਾ ਹੈ ਕਿ ਉਹ ਇਸ ਦੇ ਪਿੱਛੇ ਦੇ ਕਾਰਨਾਂ 'ਤੇ ਗੌਰ ਕਰਕੇ ਕਿਸਾਨਾਂ ਨੂੰ ਅਜਿਹੀਆਂ ਸਹੂਲਤਾਂ ਪ੍ਰਦਾਨ ਕਰਨ, ਤਾਂ ਜੋ ਕਿਸਾਨਾਂ ਨੂੰ ਫਸਲਾਂ ਦੀ ਤਬਾਹੀ ਜਾਂ ਕੁਦਰਤੀ ਆਫਤਾਂ ਕਾਰਨ ਫਸਲਾਂ ਦੇ ਬਹੁਤ ਘੱਟ ਭਾਅ ਮਿਲਣ ਕਾਰਨ ਕਿਸੇ ਕਿਸਮ ਦਾ ਨੁਕਸਾਨ ਨਾ ਝੱਲਣਾ ਪਵੇ ਅਤੇ ਸਾਲ 1991 ਤੋਂ 2021 ਲਈ ਫੂਡ ਐਂਡ ਐਗਰੀਕਲਚਰ ਆਰਗੇਨਾਈਜ਼ੇਸ਼ਨ ਦੀ 'ਸਟੈਟਿਸਟੀਕਲ ਈਅਰ ਬੁੱਕ: ਵਰਲਡ ਫੂਡ ਐਂਡ ਐਗਰੀਕਲਚਰ 2023' ਦੇ ਅਨੁਸਾਰ, ਹੋਰ ਸਮੱਸਿਆਵਾਂ ਅਤੇ ਨਾ ਹੀ ਕਿਸੇ ਨੂੰ ਕਰਜ਼ੇ ਕਾਰਨ ਖ਼ੁਦਕੁਸ਼ੀ ਕਰਨ ਲਈ ਮਜਬੂਰ ਹੋਣਾ ਚਾਹੀਦਾ ਹੈ। ਇਸ ਸਮੇਂ ਦੌਰਾਨ ਹੜ੍ਹਾਂ, ਤੂਫਾਨ, ਅਕਾਲ ਅਤੇ ਗੜੇਮਾਰੀ ਅਤੇ ਬੱਦਲ ਫਟਣ ਕਾਰਨ ਫਸਲਾਂ ਤਬਾਹ ਹੋ ਗਈਆਂ।

ਪਸ਼ੂਆਂ ਦੀ ਮੌਤ ਨਾਲ ਕਰੀਬ 321.6 ਲੱਖ ਕਰੋੜ ਰੁਪਏ ਦਾ ਨੁਕਸਾਨ ਹੋਇਆ ਹੈ। ਭਾਰਤ ਸਮੇਤ ਸਮੁੱਚੇ ਏਸ਼ੀਆ ਦੇ ਕਿਸਾਨਾਂ ਨੂੰ ਇਨ੍ਹਾਂ ਆਫ਼ਤਾਂ ਦਾ ਖਮਿਆਜ਼ਾ ਭੁਗਤਣਾ ਪਿਆ। ਇੰਨੀ ਵੱਡੀ ਤਬਾਹੀ ਆਮ ਤੌਰ 'ਤੇ ਕਿਸੇ ਹੋਰ ਖੇਤਰ ਵਿਚ ਦੇਖਣ ਨੂੰ ਨਹੀਂ ਮਿਲਦੀ। ਜੇਕਰ ਉਹ ਆਉਂਦੇ ਵੀ ਹਨ ਤਾਂ ਉਨ੍ਹਾਂ ਦੇਸ਼ਾਂ ਦੀਆਂ ਸਰਕਾਰਾਂ ਹਰ ਹਾਲਤ ਵਿੱਚ ਉਨ੍ਹਾਂ ਦੇ ਨਾਲ ਖੜ੍ਹਦੀਆਂ ਹਨ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਭਾਰਤ ਸਮੇਤ ਏਸ਼ੀਆ ਵਿੱਚ ਕਿਸਾਨਾਂ ਨੂੰ ਪਿਛਲੇ ਤਿੰਨ ਦਹਾਕਿਆਂ ਦੌਰਾਨ ਲਗਭਗ 143.2 ਲੱਖ ਕਰੋੜ ਰੁਪਏ ਦਾ ਨੁਕਸਾਨ ਹੋਇਆ ਹੈ। ਅਮਰੀਕਾ ਅਤੇਅਤੇ ਯੂਰਪ ਅਨੁਪਾਤਕ ਤੌਰ 'ਤੇ ਜ਼ਿਆਦਾ ਪ੍ਰਭਾਵਿਤ ਹੋਇਆ ਹੈ। ਜੇਕਰ ਅਸੀਂ ਖੇਤੀ ਖੇਤਰ ਦੇ ਕੁੱਲ ਘਰੇਲੂ ਉਤਪਾਦ (ਜੀ.ਡੀ.ਪੀ.) 'ਤੇ ਨਜ਼ਰ ਮਾਰੀਏ ਤਾਂ ਅਫ਼ਰੀਕਾ ਦੇ ਕਿਸਾਨਾਂ ਨੂੰ ਇਨ੍ਹਾਂ ਆਫ਼ਤਾਂ ਕਾਰਨ ਸਭ ਤੋਂ ਵੱਧ ਨੁਕਸਾਨ ਝੱਲਣਾ ਪਿਆ ਹੈ। ਇਸ ਤੋਂ ਇਹ ਤਸਵੀਰ ਉਭਰ ਕੇ ਸਾਹਮਣੇ ਆਉਂਦੀ ਹੈ ਕਿ ਕੁਦਰਤੀ ਆਫ਼ਤਾਂ ਨਾ ਸਿਰਫ਼ ਭਾਰਤ ਦੇ ਕਿਸਾਨਾਂ ਲਈ ਸਗੋਂ ਵਿਸ਼ਵ ਪੱਧਰ 'ਤੇ ਵੀ ਕਿਸਾਨਾਂ ਲਈ ਬਹੁਤ ਨੁਕਸਾਨਦੇਹ ਸਿੱਧ ਹੋ ਰਹੀਆਂ ਹਨ, ਇਸ ਲਈ ਵਿਸ਼ਵ ਪੱਧਰ 'ਤੇ ਇਸ ਬਾਰੇ ਡੂੰਘਾਈ ਨਾਲ ਵਿਚਾਰ ਕੀਤਾ ਜਾਣਾ ਚਾਹੀਦਾ ਹੈ ਅਤੇ ਅਜਿਹੀ ਨੀਤੀ ਬਣਾਉਣੀ ਚਾਹੀਦੀ ਹੈ।

ਆਲਮੀ ਪੱਧਰ 'ਤੇ ਤਾਂ ਜੋ ਹਰ ਦੇਸ਼ ਦੇ ਕਿਸਾਨਾਂ ਨੂੰ ਕੁਦਰਤੀ ਆਫ਼ਤਾਂ ਤੋਂ ਬਚਾਇਆ ਜਾ ਸਕੇ। ਸਕਦਾ ਹੈ। ਸਰਵੇਖਣ ਦੱਸਦੇ ਹਨ ਕਿ ਖੇਤੀ ਦੀ ਲਾਗਤ ਪਹਿਲਾਂ ਨਾਲੋਂ ਵੱਧ ਹੈ। ਇਸ ਵਿੱਚ ਕਈ ਗੁਣਾ ਵਾਧਾ ਹੋਇਆ ਹੈ। ਇਸ ਕਾਰਨ ਭਾਰਤ ਦੇ ਕਰੋੜਾਂ ਕਿਸਾਨ ਸਾਲ ਦੇ 12 ਮਹੀਨੇ ਕਰਜ਼ੇ ਦੇ ਬੋਝ ਹੇਠ ਦੱਬੇ ਰਹਿੰਦੇ ਹਨ। ਕੇਂਦਰ ਅਤੇ ਰਾਜ ਸਰਕਾਰਾਂ ਵੱਲੋਂ ਕੋਈ ਵੀ ਸਕਾਰਾਤਮਕ ਨੀਤੀ ਨਾ ਹੋਣ ਕਾਰਨ ਭਾਰਤ ਦੇ ਲੱਖਾਂ ਕਿਸਾਨ ਆਰਥਿਕ ਸਮੱਸਿਆਵਾਂ ਵਿੱਚ ਫਸੇ ਰਹਿੰਦੇ ਹਨ ਅਤੇ ਪਰਿਵਾਰਕ ਸਮੱਸਿਆਵਾਂ ਤੋਂ ਵੀ ਪ੍ਰੇਸ਼ਾਨ ਹਨ। , ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅੱਜ ਤੱਕ ਲਾਗੂ ਨਹੀਂ ਕੀਤੀ ਗਈ। ਇਸੇ ਕਰਕੇ ਭਾਰਤ ਦੇ ਕਿਸੇ ਵੀ ਸੂਬੇ ਦਾ ਕਿਸਾਨ ਖੁਸ਼ਹਾਲ ਨਹੀਂ ਹੋ ਸਕਿਆ ਹੈ। ਸਰਕਾਰਾਂ ਨੇ ਲੋਕਾਂ ਵਿੱਚ ਖੇਤੀ ਦਾ ਪੱਧਰ ਉੱਚਾ ਚੁੱਕਣ ਲਈ ਅਜਿਹਾ ਕੋਈ ਕਦਮ ਨਹੀਂ ਚੁੱਕਿਆ। ਤਾਂ ਜੋ ਮੁੜ ਤੋਂ ਦਿਲਚਸਪੀ ਪੈਦਾ ਹੋ ਸਕੇ ਅਤੇ ਲੋਕਾਂ ਨੂੰ ਬੇਰੁਜ਼ਗਾਰੀ ਦੀ ਵੱਡੀ ਸਮੱਸਿਆ ਤੋਂ ਛੁਟਕਾਰਾ ਮਿਲ ਸਕੇ। ਦੀ ਰਿਪੋਰਟ ਅਨੁਸਾਰ, ਭਾਰਤ ਦੇ ਖੇਤੀ-ਭੋਜਨ ਪ੍ਰਣਾਲੀਆਂ ਦੀ ਛੁਪੀ ਲਾਗਤ 91 ਲੱਖ ਕਰੋੜ ਰੁਪਏ ਹੈ। ਵਿਸ਼ਵ ਪੱਧਰ 'ਤੇ, ਭੋਜਨ ਪ੍ਰਣਾਲੀਆਂ ਦੀ ਲੁਕਵੀਂ ਕੀਮਤ ਲਗਭਗ 1,057.7 ਲੱਖ ਕਰੋੜ ਰੁਪਏ ਹੈ। ਇਸ 'ਚ ਭਾਰਤ ਦੀ ਹਿੱਸੇਦਾਰੀ 8.8 ਫੀਸਦੀ ਹੈ। ਇਸ ਤਰ੍ਹਾਂ, ਇਹ ਅਮਰੀਕਾ ਅਤੇ ਚੀਨ ਤੋਂ ਬਾਅਦ ਦੁਨੀਆ ਵਿੱਚ ਤੀਜੇ ਨੰਬਰ 'ਤੇ ਹੈ। ਖੇਤੀ ਵਿੱਚ ਛੁਪੀਆਂ ਲਾਗਤਾਂ ਕਿਸਾਨਾਂ ਲਈ ਸਭ ਤੋਂ ਵੱਡੀ ਚਿੰਤਾ ਦਾ ਵਿਸ਼ਾ ਹਨ। ਰਸਾਇਣਕ ਕੀਟਨਾਸ਼ਕਾਂ ਦੀ ਵਰਤੋਂ ਵਾਤਾਵਰਨ ਪ੍ਰਦੂਸ਼ਣ ਦਾ ਇੱਕ ਵੱਡਾ ਕਾਰਨ ਹੈ। ਲਈ ਇੱਕ ਵੱਡਾ ਕਾਰਨ ਹੈ।

ਵਿਗਿਆਨਕ ਖੋਜਾਂ ਅਨੁਸਾਰ ਗ੍ਰੀਨ ਹਾਊਸ ਗੈਸਾਂ ਕਾਰਨ ਕੁਦਰਤੀ ਆਫ਼ਤਾਂ ਵਧ ਰਹੀਆਂ ਹਨ ਅਤੇ ਮੌਸਮ ਦੇ ਚੱਕਰ ਵਿੱਚ ਜੰਗਲੀ ਬਦਲਾਅ ਦੇਖਣ ਨੂੰ ਮਿਲ ਰਹੇ ਹਨ। , ਨਤੀਜਾ ਫਸਲੀ ਚੱਕਰ ਨੂੰ ਪ੍ਰਭਾਵਿਤ ਕਰਨ ਵਾਲੀਆਂ ਸਮੱਸਿਆਵਾਂ ਅਤੇ ਬਿਮਾਰੀਆਂ ਵਧ ਰਹੀਆਂ ਹਨ। ਇਸ ਕਾਰਨ ਸਾਰੀਆਂ ਮੁਸ਼ਕਲਾਂ ਦਾ ਸਭ ਤੋਂ ਵੱਧ ਨੁਕਸਾਨ ਕਿਸਾਨ ਹੀ ਹੋ ਰਹੇ ਹਨ। ਰਿਪੋਰਟ ਦੇ ਅਨੁਸਾਰ, ਟੈਸਟਾਂ ਨੇ ਦਿਖਾਇਆ ਹੈ ਕਿ ਅਨਾਜ ਉਤਪਾਦਨ ਵਿੱਚ ਰਸਾਇਣਕ ਕੀਟਨਾਸ਼ਕਾਂ ਦੀ ਵਰਤੋਂ ਕੀਤੀ ਜਾ ਰਹੀ ਹੈ, ਜੋ ਕਿ ਕਈ ਬੀਨਜ਼ ਵਿੱਚ ਲਗਭਗ 62% ਨੁਕਸਾਨਦੇਹ ਪਦਾਰਥਾਂ ਦਾ ਕਾਰਨ ਬਣ ਰਹੀ ਹੈ। 21 ਸਾਲਾਂ ਵਿੱਚ ਕੀਟਨਾਸ਼ਕਾਂ ਦੀ ਵਰਤੋਂ ਵਿੱਚ 16% ਵਾਧਾ2 ਫੀਸਦੀ ਦਾ ਵਾਧਾ ਹੋਇਆ ਹੈ। , ਹਾਲਾਂਕਿ, 2021 ਅਤੇ 2022 ਵਿੱਚ, ਦੁਨੀਆ ਦੇ ਅੱਧੇ ਕੀਟਨਾਸ਼ਕਾਂ ਦੀ ਖਪਤ ਸਿਰਫ ਅਮਰੀਕਾ ਵਿੱਚ ਕੀਤੀ ਗਈ ਸੀ।

ਭਾਰਤ ਸਮੇਤ ਏਸ਼ੀਆ ਦੇ ਕਈ ਦੇਸ਼ਾਂ ਵਿੱਚ ਕੀਟਨਾਸ਼ਕਾਂ ਦੀ ਵਰਤੋਂ ਲਗਾਤਾਰ ਵੱਧ ਰਹੀ ਹੈ। ਭਾਰਤੀ ਕਿਸਾਨ ਵਿਕਸਤ ਦੇਸ਼ਾਂ ਦੇ ਕਿਸਾਨਾਂ ਨਾਲੋਂ ਬਹੁਤ ਗਰੀਬ ਹਨ। ਇੱਥੇ ਬਹੁਤ ਘੱਟ ਇਸ ਲਈ ਉਨ੍ਹਾਂ ਮੁਲਕਾਂ ਨਾਲੋਂ ਵੀ ਵੱਧ ਸਹੂਲਤਾਂ! ਇਹ. ਕੇਂਦਰ ਅਤੇ ਰਾਜ ਸਰਕਾਰਾਂ ਨੂੰ ਖੇਤੀਬਾੜੀ ਨੂੰ ਘਾਟੇ ਦੇ ਖੇਤਰ ਵਿੱਚੋਂ ਕੱਢ ਕੇ ਮੁਨਾਫੇ ਵਾਲੇ ਖੇਤਰ ਵਿੱਚ ਲਿਆਉਣ ਲਈ ਸਾਰਥਕ ਕਦਮ ਚੁੱਕਣੇ ਚਾਹੀਦੇ ਹਨ। ਸਿੰਚਾਈ, ਖਾਦ, ਬਿਜਲੀ ਸਹੂਲਤਾਂ, ਬੀਜ, ਮਜ਼ਦੂਰੀ ਅਤੇਲੁਕਵੇਂ ਖਰਚਿਆਂ ਕਾਰਨ ਕਿਸਾਨਾਂ 'ਤੇ ਪਏ ਵਾਧੂ ਬੋਝ ਤੋਂ ਛੁਟਕਾਰਾ ਪਾਉਣ ਲਈ ਗੰਭੀਰਤਾ ਨਾਲ ਵਿਚਾਰ ਕੀਤਾ ਜਾਣਾ ਚਾਹੀਦਾ ਹੈ। ਕੁਦਰਤੀ ਖੇਤੀ ਨੂੰ ਉਤਸ਼ਾਹਿਤ ਕਰਕੇ ਖੇਤੀ ਨੂੰ ਵੀ ਲਾਹੇਵੰਦ ਬਣਾਇਆ ਜਾ ਸਕਦਾ ਹੈ।

ਵਿਜੈ ਗਰਗ ਰਿਟਾਇਰਡ ਪ੍ਰਿੰਸੀਪਲ
ਐਜੂਕੇਸ਼ਨਲ ਕਾਲਮਨਿਸਟ ਸਟਰੀਟ
ਕੌਰ ਚੰਦ ਐਮ.ਐਚ.ਆਰ ਮਲੋਟ
ਪੰਜਾਬ।







## ਸਰਹੰਦ ਫ਼ੀਡਰ 32 ਦਿਨਾਂ ਲਈ ਬੰਦ ਰਹੇਗੀ

ਚੰਡੀਗੜ੍ਹ, 9 ਜਨਵਰੀ (ਪੋਸਟ ਬਿਊਰੋ): ਪੰਜਾਬ ਦੇ ਜਲ ਸਰੋਤ ਵਿਭਾਗ ਨੇ ਜ਼ਰੂਰੀ ਕੰਮਾਂ ਦੇ ਮੱਦੇਨਜ਼ਰ ਸਰਹੰਦ ਫ਼ੀਡਰ ਕੈਨਾਲ ਨੂੰ 32 ਦਿਨਾਂ ਲਈ ਬੰਦ ਕਰਨ ਦਾ ਫ਼ੈਸਲਾ ਕੀਤਾ ਹੈ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਭਾਗ ਦੇ ਬੁਲਾਰੇ ਨੇ ਦੱਸਿਆ ਕਿ ਮੌਸਮ ਅਤੇ ਫ਼ਸਲਾਂ ਦੀ ਹਾਲਤ ਨੂੰ ਮੁੱਖ ਰੱਖਦਿਆਂ ਸਰਹੰਦ ਫ਼ੀਡਰ ਦੀ ਰੀਲਾਈਨਿੰਗ ਦਾ ਕੰਮ ਕਰਾਉਣ ਲਈ ਕੈਨਾਲ ਨੂੰ 10 ਜਨਵਰੀ ਤੋਂ 10 ਫ਼ਰਵਰੀ, 2025 (ਦੋਵੇਂ ਦਿਨ ਸ਼ਾਮਲ) ਤੱਕ ਬੰਦ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਹ ਹੁਕਮ ਨਾਰਦਰਨ ਇੰਡੀਆ ਕੈਨਾਲ ਅਤੇ ਡਰੇਨੇਜ ਐਕਟ, 1873 (ਐਕਟ 8 ਆਫ਼ 1873) ਅਧੀਨ ਜਾਰੀ ਰੂਲਾਂ ਦੇ ਰੂਲ 63 ਤਹਿਤ ਜਾਰੀ ਕੀਤੇ ਗਏ ਹਨ।

## ਪੰਜਾਬ ਦੀ ਧਰਤੀ ਵਪਾਰ ਲਈ ਸਭ ਤੋਂ ਉੱਤਮ : ਸੌਂਦ

### ਅੰਤਰ-ਰਾਸ਼ਟਰੀ ਟਰੇਡ ਸ਼ੋਅ-ਇੰਡਸਫੂਡ ਦੇ ਮੁੱਖ ਮਹਿਮਾਨ ਸੌਂਦ ਵੱਲੋਂ ਫੂਡ ਉਦਯੋਗ ਖੇਤਰ ਦੀਆਂ ਨਾਮੀ ਕੰਪਨੀਆਂ ਦੇ ਸੀ.ਈ.ਓਜ਼ ਦਾ ਸਨਮਾਨ




ਚੰਡੀਗੜ੍ਹ, 9 ਜਨਵਰੀ (ਪੋਸਟ ਬਿਊਰੋ): ਟਰੇਡ ਪ੍ਰਮੋਸ਼ਨ ਕੌਂਸਲ ਆਫ ਇੰਡੀਆ (ਟੀ.ਪੀ.ਸੀ.ਆਈ) ਵੱਲੋਂ ਨੋਇਡਾ ਵਿਖੇ ਕਰਵਾਏ ਗਏ ਅੰਤਰ-ਰਾਸ਼ਟਰੀ ਪੱਧਰ ਦੇ ਭਾਰਤ ਦੇ ਸਭ ਤੋਂ ਵੱਡੇ ਫੂਡ ਟਰੇਡ ਸ਼ੋਅ-ਇੰਡਸਫੂਡ ਦੌਰਾਨ ਆਪਣੇ ਸੰਬੋਧਨ ਵਿਚ ਪੰਜਾਬ ਦੇ ਸੈਰ-ਸਪਾਟਾ ਤੇ ਸਭਿਆਚਾਰਕ ਮਾਮਲੇ, ਉਦਯੋਗ ਤੇ ਵਪਾਰ ਅਤੇ ਨਿਵੇਸ਼ ਪ੍ਰੋਤਸਾਹਨ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਫੂਡ ਉਦਯੋਗ ਨਾਲ ਸਬੰਧਤ ਦੇਸ਼ ਵਿਦੇਸ਼ ਦੀਆਂ ਭਾਗ ਲੈਣ ਵਾਲੀਆਂ ਕੰਪਨੀਆਂ ਦੇ ਸੀ.ਈ.ਓਜ਼ ਅਤੇ ਡੈਲੀਗੇਟਾਂ ਨੂੰ ਪੰਜਾਬ ਦੀ ਨਿੱਘੀ ਆਓ ਭਗਤ ਮਾਨਣ ਲਈ ਸੂਬੇ 'ਚ ਆਉਣ ਦਾ ਖੁੱਲ੍ਹਾ ਸੱਦਾ ਦਿੱਤਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ ਵਪਾਰ ਤੇ ਉਦਯੋਗ ਲਈ ਸਭ ਤੋਂ ਉੱਤਮ ਹੈ। ਉਨ੍ਹਾਂ ਕਿਹਾ ਕਿ ਗੁਰੂਆਂ ਅਤੇ ਸੰਤ-ਮਹਾਤਮਾਵਾਂ ਦੀ ਵਸਾਈ ਧਰਤੀ ਪੰਜਾਬ ਦਾ ਮਾਹੌਲ ਸ਼ਾਂਤੀ, ਭਾਈਚਾਰਕ ਸਾਂਝ ਅਤੇ ਖੁਸ਼ਹਾਲੀ ਭਰਪੂਰ ਹੈ ਅਤੇ ਇਹ ਮਾਹੌਲ ਵਪਾਰ ਤੇ ਉਦਯੋਗਾਂ ਦੀ ਪ੍ਰਫੁੱਲਤਾ ਲਈ ਪੂਰਾ ਢੁੱਕਵਾਂ ਅਤੇ ਸਾਜਗਾਰ ਹੈ। ਸੌਂਦ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਉਨ੍ਹਾਂ ਦੀ ਪੂਰੀ ਟੀਮ ਸੂਬੇ ਵਿਚਲੇ ਉਦਯੋਗਾਂ ਦੀ ਤਰੱਕੀ ਲਈ ਪੂਰੀ ਸੁਹਿਰਦਤਾ ਅਤੇ ਗੰਭੀਰਤਾ ਨਾਲ ਯਤਨ ਕਰ ਰਹੀ ਹੈ।

ਜ਼ਿਕਰਯੋਗ ਹੈ ਕਿ ਇੰਡਸਫੂਡ ਵਿਚ ਫੂਡ ਉਦਯੋਗ ਨਾਲ ਸਬੰਧਤ 105 ਮੁਲਕਾਂ ਦੇ 3500 ਦੇ ਕਰੀਬ ਪ੍ਰਦਰਸ਼ਕਾਂ ਨੇ ਭਾਗ ਲਿਆ ਹੈ। ਇਸ ਸਮਾਗਮ ਵਿਖੇ ਮੁੱਖ ਮਹਿਮਾਨ ਵੱਜੋਂ ਪੁੱਜੇ ਪੰਜਾਬ ਦੇ ਉਦਯੋਗ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਨਾਮੀ ਕੰਪਨੀਆਂ ਦੇ ਸੀ.ਈ.ਓਜ਼ ਅਤੇ ਡੈਲੇਗੇਟਾਂ ਦਾ ਸਨਮਾਨ ਕੀਤਾ ਗਿਆ। ਉਨ੍ਹਾਂ ਇਸ ਗੱਲ ਦੀ ਖੁਸ਼ੀ ਅਤੇ ਤਸੱਲੀ ਪ੍ਰਗਟਾਈ ਕਿ ਇੱਕੋ ਛੱਤ ਹੇਠਾਂ ਦੁਨੀਆਂ ਭਰ ਦੇ ਨਾਮੀਂ ਉਦਯੋਗਪਤੀਆਂ ਅਤੇ ਵਪਾਰੀਆਂ ਨੂੰ ਪੰਜਾਬ ਦੀਆਂ ਸਨਅਤ ਪੱਖੀ ਨੀਤੀਆਂ ਬਾਰੇ ਜਾਣੂੰ ਕਰਵਾਉਣ ਦਾ ਮੌਕਾ ਪ੍ਰਾਪਤ ਹੋਇਆ ਹੈ।

ਇਸ ਮੌਕੇ ਕੰਪਨੀਆਂ ਦੇ ਨੁਮਾਇੰਦਿਆਂ ਨੂੰ ਸੰਬੋਧਨ ਹੁੰਦਿਆਂ ਸੌਂਦ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਆਉਂਦੇ ਨਵੰਬਰ ਮਹੀਨੇ ਪੰਜਾਬ ਵਿਚ ਇਸੇ ਤਰਜ਼ 'ਤੇ ਅੰਤਰ-ਰਾਸ਼ਟਰੀ ਫੂਡ ਫੈਸਟੀਵਲ ਕਰਵਾਉਣ ਦੀ ਯੋਜਨਾ ਹੈ, ਜਿਸ ਵਿਚ ਫੂਡ ਉਦਯੋਗ ਤੇ ਇਸ ਨਾਲ ਜੁੜੇ ਹੋਰ ਖੇਤਰਾਂ 'ਚ ਕਾਰਜਸ਼ੀਲ ਅੰਤਰ-ਰਾਸ਼ਟਰੀ ਕੰਪਨੀਆਂ ਨੂੰ ਬੁਲਾਇਆ ਜਾਵੇਗਾ।

ਪੰਜਾਬ ਵਿਚ ਨਿਵੇਸ਼ ਲਈ ਇੱਛਾ ਜਾਹਿਰ ਕਰਨ ਵਾਲੀਆਂ ਕੰਪਨੀਆਂ ਨੂੰ ਪੰਜਾਬ ਸਰਕਾਰ ਵੱਲੋਂ ਨਿਵੇਸ਼ ਤੇ ਉਦਯੋਗਾਂ ਦੀ ਸਹੂਲਤ ਲਈ ਸਿੰਗਲ ਵਿੰਡੋ ਪ੍ਰਣਾਲੀ ਤੇ ਇਨਵੈਸਟ ਪੰਜਾਬ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਵੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਨਿਵੇਸ਼ਕਾਂ ਦੀ ਹਰ ਪ੍ਰਕਾਰ ਦੀ ਸਹਾਇਤਾ ਲਈ ਪੰਜਾਬ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ।

ਸੌਂਦ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਟੀਚਾ ਸੂਬੇ ਦੇ ਫੂਡ ਖੇਤਰ ਨੂੰ ਗਲੋਬਲ ਪੱਧਰ ਤੱਕ ਲਿਜਾਣਾ ਹੈ ਅਤੇ ਇਸ ਉਦੇਸ਼ ਦੀ ਪ੍ਰਾਪਤੀ ਲਈ ਪੰਜਾਬ ਸਰਕਾਰ ਸੁਹਿਰਦ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਵੇਰਕਾ, ਸੋਹਣਾ, ਫਾਈਵ ਰਿਵਰਜ਼ ਅਤੇ ਹੋਰ ਬਰਾਂਡਾਂ ਨੂੰ ਅੰਤਰ-ਰਾਸ਼ਟਰੀ ਪੱਧਰ 'ਤੇ ਸਥਾਪਤ ਕਰਨ ਲਈ ਵਿਸ਼ੇਸ਼ ਯਤਨ ਕਰ ਰਹੀ ਹੈ ਅਤੇ ਕੌਮਾਂਤਰੀ ਪੱਧਰ ਉੱਤੇ ਹੁਣ ਪੰਜਾਬ ਦੇ ਉਤਪਾਦਾਂ ਦੀ ਮੰਗ ਦਿਨੋਂ ਦਿਨ ਵੱਧ ਰਹੀ ਹੈ।

ਸੌਂਦ ਵੱਲੋਂ ਪੰਜਾਬ ਵਿਚ ਨਿਵੇਸ਼ ਦੀ ਇੱਛਾ ਪ੍ਰਗਟਾਉਣ ਵਾਲੀਆਂ ਕੰਪਨੀਆਂ ਦੇ ਨੁਮਾਇੰਦਿਆਂ ਨਾਲ ਵੱਖਰੇ ਤੌਰ ਉੱਤੇ ਮੀਟਿੰਗ ਵੀ ਕੀਤੀ ਗਈ। ਉਨ੍ਹਾਂ ਨੇ ਟੀ.ਪੀ.ਸੀ.ਆਈ ਦੇ ਚੇਅਰਮੈਨ ਮੋਹਿਤ ਸਿੰਗਲਾ ਨੂੰ ਅੰਤਰ-ਰਾਸ਼ਟਰੀ ਪੈਮਾਨੇ ਦਾ ਫੂਡ ਟਰੇਡ ਸ਼ੋਅ ਕਰਵਾਉਣ ਲਈ ਮੁਬਾਰਕਬਾਦ ਦਿੱਤੀ ਅਤੇ ਟੀ.ਪੀ.ਆਈ.ਸੀ ਦਾ ਪੰਜਾਬ ਚੈਪਟਰ ਬਣਾਉਣ ਲਈ ਵੀ ਆਖਿਆ।

ਉਨ੍ਹਾਂ ਦੱਸਿਆ ਕਿ ਇਸ ਫੂਡ ਟਰੇਡ ਸ਼ੋਅ ਵਿਚ ਸ਼ਿਰਕਤ ਕਰਨ ਲਈ ਉਨ੍ਹਾਂ ਨੂੰ ਪੰਜਾਬ ਰਾਜ ਫੂਡ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾਂ ਵੱਲੋਂ ਪ੍ਰੇਰਿਤ ਕੀਤਾ ਗਿਆ ਸੀ ਅਤੇ ਉਨ੍ਹਾਂ ਨੂੰ ਖੁਸ਼ੀ ਹੈ ਕਿ ਇਸ ਸਮਾਗਮ ਵਿੱਚ ਪੁੱਜ ਕੇ ਬਹੁਤ ਸਾਰੀਆਂ ਕੌਮਾਂਤਰੀ ਕੰਪਨੀਆਂ ਦੇ ਨੁਮਾਇੰਦਿਆਂ ਅਤੇ ਉਦਯੋਗਪਤੀਆਂ ਨੂੰ ਮਿਲਕੇ ਪੰਜਾਬ ਵਿੱਚ ਨਿਵੇਸ਼ ਕਰਨ ਲਈ ਪ੍ਰੇਰਿਤ ਕੀਤਾ ਗਿਆ ਹੈ।

ਸੌਂਦ ਨੇ ਇਸ ਮੌਕੇ ਕੇਂਦਰੀ ਵਣਜ ਮੰਤਰਾਲੇ ਦੇ ਡਾਇਰੈਕਟਰ ਮੋਨਿਕਾ ਗੌੜ ਦਾ ਖਾਸ ਧੰਨਵਾਦ ਕੀਤਾ।










FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017